
ਸ਼ਿਕਾਗੋ, ਅਮਰੀਕਾ ਤੋਂ ਪ੍ਰਕਾਸ਼ਿਤ

ਲੋਕ ਸਾਂਝ

ਲੋਕਾਂ ਦੀ ਗੱਲ, ਲੋਕਾਂ ਦੇ ਨਾਲ

ਮੰਗਲਵਾਰ, 11/10/2026	27 ਕੱਤਕ 558	ਸਾਲ 1	ਅੰਕ 49	ਰੋਜ਼ਾਨਾ ਪੰਜਾਬੀ ਅਖਬਾਰ	www.loksanjh.com









ਸੋਨਾ $4,085.10 ▼0.71% | ਚਾਂਦੀ $52.23 ▼0.88% | ਕੱਚਾ ਤੇਲ $84.83 ▼2.33% ਨਿਰਪੱਖ ਖ਼ਬਰਾਂ • ਭਾਈਚਾਰੇ ਦੀ ਆਵਾਜ਼ Nasdaq 25,253 ▲2.74% | S&P 500 7,550 ▲2.35% | USD/INR ₹93.92 ▼0.00% | US 10Y

ਖ਼ਾਸ ਖ਼ਬਰ

ਦੀਵਾਲੀ ਤੋਂ ਬਾਅਦ ਹਵਾ ਜ਼ਹਿਰੀਲੀ — ਪੰਜਾਬ 'ਚ ਸਾਹ ਘੁੱਟਿਆ



ਪੰਜਾਬ 'ਚ ਪਰਾਲੀ ਸਾੜਨ ਦਾ ਧੂੰਆਂ

ਦੀਵਾਲੀ ਤੋਂ ਬਾਅਦ ਪੰਜਾਬ ਅਤੇ ਦਿੱਲੀ ਦੀ ਹਵਾ ਜ਼ਹਿਰੀਲੀ ਹੋ ਗਈ ਹੈ। ਦਿੱਲੀ 'ਚ ਦੀਵਾਲੀ ਵਾਲੇ ਦਿਨ ਔਸਤ ਹਵਾ ਗੁਣਵੱਤਾ ਸੂਚਕ (ਏਕਿਊਆਈ) 376 ਦਰਜ ਹੋਇਆ — ਪੰਜ ਸਾਲਾਂ 'ਚ ਦੀਵਾਲੀ 'ਤੇ ਸਭ ਤੋਂ ਖ਼ਰਾਬ; ਦੀਵਾਲੀ ਤੋਂ ਪਹਿਲੀ ਸ਼ਾਮ 369 ਨਾਲ 2016 ਤੋਂ ਬਾਅਦ ਸਭ ਤੋਂ ਪ੍ਰਦੂਸ਼ਿਤ ਰਹੀ। ਪੰਜਾਬ 'ਚ 8 ਨਵੰਬਰ ਨੂੰ ਇਸ ਸੀਜ਼ਨ 'ਚ ਇੱਕੋ ਦਿਨ ਸਭ ਤੋਂ ਵੱਧ ਪਰਾਲੀ ਸਾੜੀ ਗਈ — 1,100 ਤੋਂ ਵੱਧ ਥਾਵਾਂ 'ਤੇ ਅੱਗਾਂ ਲੱਗੀਆਂ, ਅਤੇ ਦੋਵਾਂ ਪੰਜਾਬਾਂ 'ਚ ਕੁੱਲ 2,859 ਅੱਗਾਂ ਦਰਜ ਹੋਈਆਂ, ਜੋ ਸੱਤ ਸਾਲਾਂ 'ਚ ਪਹਿਲੀ ਵਾਰ ਸੀਜ਼ਨ ਦੇ ਸਭ ਤੋਂ ਵੱਡੇ ਅੱਗ ਵਾਲੇ ਦਿਨ ਦੀਵਾਲੀ 'ਤੇ ਪਿਆ ਹੈ। ਸੋਮਵਾਰ ਸਵੇਰੇ ਸੰਗਰੂਰ 'ਚ ਏਕਿਊਆਈ 1,651, ਅਬੋਹਰ 'ਚ 1,307 ਅਤੇ ਮਲੋਟ 'ਚ 1,238 ਦਰਜ ਹੋਇਆ; ਪਟਿਆਲਾ 'ਚ ਏਕਿਊਆਈ 499 ਨਾਲ ਸ਼ਹਿਰ ਦੁਨੀਆ ਦੇ ਸਭ ਤੋਂ ਪ੍ਰਦੂਸ਼ਿਤ ਸ਼ਹਿਰਾਂ 'ਚ 21ਵੇਂ ਨੰਬਰ 'ਤੇ ਰਿਹਾ।

ਪੰਜਾਬ

ਸਾਂਸਦਾਂ ਦੇ ਚੋਣਾਂ ਲੜਨ 'ਤੇ ਹਾਈਕਮਾਨ ਲਏਗੀ ਫੈਸਲਾ', ਉਮੀਦਵਾਰਾਂ ਦੀ ਲਿਸਟ ਨੂੰ ਲੈ ਕੇ ਬੋਲੇ ਪਰਗਟ ਸਿੰਘ

ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪੰਜਾਬ ਕਾਂਗਰਸ ਕੱਲ੍ਹ "ਪੰਜਾਬ ਮੰਗਦਾ ਇਨਸਾਫ਼" ਮੁਹਿੰਮ ਸ਼ੁਰੂ ਕਰੇਗੀ। ਇਹ ਜਾਣਕਾਰੀ ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਨੇ ਦਿੱਤੀ। ਇਸ ਮੁਹਿੰਮ ਰਾਹੀਂ ਹਰ ਵਰਗ ਦੇ ਲੋਕਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਸਾਰੇ ਕਾਂਗਰਸੀ ਆਗੂ ਹਿੱਸਾ ਲੈਣਗੇ ਅਤੇ ਉਨ੍ਹਾਂ ਦੀ ਰਾਏ ਵੀ ਲਈ ਜਾਵੇਗੀ।

ਪਰਗਟ ਸਿੰਘ ਨੇ ਕਿਹਾ ਕਿ 12 ਮਾਰਚ ਨੂੰ ਮਾਝਾ, ਦੋਆਬਾ ਅਤੇ ਮਾਲਵਾ ਵਿੱਚ ਇੱਕ ਸਾਈਕਲ ਰੈਲੀ ਕੀਤੀ ਜਾਵੇਗੀ। ਸਾਰੇ ਪਾਰਟੀ ਆਗੂ ਇਨ੍ਹਾਂ ਰੈਲੀਆਂ ਵਿੱਚ ਹਿੱਸਾ ਲੈਣਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਪਾਰਟੀ ਹਾਈਕਮਾਂਡ ਫੈਸਲਾ ਕਰੇਗੀ ਕਿ ਸੰਸਦ ਮੈਂਬਰ ਵਿਧਾਨ ਸਭਾ ਚੋਣਾਂ ਲੜਨਗੇ ਜਾਂ ਨਹੀਂ।

ਅੱਜ ਚੰਡੀਗੜ੍ਹ ਵਿੱਚ ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਨੇ ਜ਼ਿਲ੍ਹਾ ਪ੍ਰਧਾਨਾਂ ਦੀ ਮੀਟਿੰਗ ਬੁਲਾਈ। ਇਸ ਵਿਚ ਉਨ੍ਹਾਂ ਨੇ ਸੂਬੇ ਦੇ ਮੌਜੂਦਾ ਹਾਲਾਤ ਦਾ ਫੀਡਬੈਕ ਲਿਆ। ਇਸ ਮੌਕੇ 'ਤੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿਚ ਕਾਨੂੰਨ-ਵਿਵਸਥਾ ਦੀ ਸਥਿਤੀ ਹੋਵੇ ਜਾਂ ਪੁਲਿਸ ਸਟੇਟ ਬਣਦਾ ਪੰਜਾਬ, ਸਰਕਾਰ ਵੱਲੋਂ ਕੀਤਾ ਗਿਆ ਧੱਕਾ ਹੋਵੇ ਜਾਂ ਬਿਊਰੋਕ੍ਰੇਸੀ ਦੀ ਮਿਸਮੈਨੇਜਮੈਂਟ, ਹਰ ਮੁੱਦੇ ਨੂੰ ਕੈਂਪੇਨ ਵਿਚ ਉਠਾਇਆ ਜਾਵੇਗਾ। ਪਰਗਟ ਸਿੰਘ ਨੇ ਦੱਸਿਆ ਕਿ ਕੱਲ੍ਹ ਤੋਂ ਆਈਟੀ ਸੈਕਟਰ, ਖੇਤੀ, ਉਦਯੋਗ ਸਮੇਤ ਹਰ ਵਰਗ ਦੇ ਲੋਕਾਂ ਦੇ ਨਾਲ ਗੱਲਬਾਤ ਸ਼ੁਰੂ ਕੀਤੀ ਜਾਵੇਗੀ। ਇਸ ਮੁਹਿੰਮ ਵਿਚ ਕਾਂਗਰਸ ਦੇ ਸਾਰੇ ਨੇਤਾ ਸ਼ਾਮਲ ਹੋਣਗੇ। ਦੂਜੇ ਪਾਸੇ, 12 ਤਰੀਕ ਨੂੰ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿਚ ਸਾਈਕਲ ਰੈਲੀ ਕੱਢੀ ਜਾਏਗੀ।

ਜਦੋਂ ਪੱਤਰਕਾਰਾਂ ਨੇ ਪਰਗਟ ਸਿੰਘ ਨੂੰ ਪੁੱਛਿਆ ਕਿ 2024 ਦੀਆਂ ਲੋਕ ਸਭਾ ਚੋਣਾਂ ਲੜਨ ਲਈ ਕਈ ਵਿਧਾਇਕਾਂ ਨੂੰ ਮੌਕਾ ਦਿੱਤਾ ਗਿਆ ਹੈ। ਤਾਂ ਕੀ ਹੁਣ ਵਿਧਾਨ ਸਭਾ ਚੋਣਾਂ ਵਿੱਚ ਸੰਸਦ ਮੈਂਬਰਾਂ ਨੂੰ ਮੈਦਾਨ ਵਿੱਚ ਉਤਾਰਿਆ ਜਾਵੇਗਾ? ਉਨ੍ਹਾਂ ਕਿਹਾ ਕਿ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ। ਇਸ ਮਕਸਦ ਲਈ ਵੱਖ-ਵੱਖ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ

ਸਾਂਸਦਾਂ ਦੇ ਚੋਣਾਂ ਲੜਨ 'ਤੇ ਹਾਈਕਮਾਨ ਲਏਗੀ ਫੈਸਲਾ', ਉਮੀਦਵਾਰਾਂ ਦੀ ਲਿਸਟ ਨੂੰ ਲੈ ਕੇ ਬੋਲੇ ਪਰਗਟ ਸਿੰਘ (ਜਾਰੀ)

ਸਰਵੇਖਣ ਵੀ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਪਾਰਟੀ ਦੇ ਅੰਦਰ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਉਮੀਦਵਾਰਾਂ ਦੀ ਪਹਿਲੀ ਸੂਚੀ ਜਲਦੀ ਹੀ ਜਾਰੀ ਕੀਤੀ ਜਾਵੇਗੀ।

ਵਿਧਾਨ ਸਭਾ ਚੋਣਾਂ ਲੜਨ ਵਾਲੇ ਸੰਸਦ ਮੈਂਬਰਾਂ ਦੇ ਸਵਾਲ ਦੇ ਸੰਬੰਧ ਵਿੱਚ ਪਰਗਟ ਸਿੰਘ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਨੂੰ ਫੈਸਲਾ ਲੈਣਾ ਪਵੇਗਾ। ਪੰਜਾਬ ਵਿੱਚ ਸੱਤ ਕਾਂਗਰਸੀ ਸੰਸਦ ਮੈਂਬਰ ਹਨ, ਇਸ ਲਈ ਪਾਰਟੀ ਇਹ ਫੈਸਲਾ ਕਰੇਗੀ ਕਿ ਕਿਸ ਸੰਸਦ ਮੈਂਬਰ ਨੂੰ ਮੈਦਾਨ ਵਿੱਚ ਉਤਾਰਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਫੈਸਲਾ ਉਨ੍ਹਾਂ ਦੇ ਹੱਥ ਵਿੱਚ ਨਹੀਂ ਹੈ।

ਦੇਸ਼

ਮੈਂ ਇੰਦਰਾ ਜੀ ਦੇ ਅੱਖਾਂ 'ਚ ਹੰਝੂ ਦੇਖੇ ਸਨ', ਸੋਨੀਆ ਗਾਂਧੀ ਨੇ ਆਤਮਕਥਾ 'ਚ 'ਆਪਰੇਸ਼ਨ ਬਲੂ ਸਟਾਰ' 'ਤੇ ਕੀਤਾ ਵੱਡਾ ਦਾਅਵਾ

ਕਾਂਗਰਸ ਦੀ ਸੀਨੀਅਰ ਆਗੂ ਸੋਨੀਆ ਗਾਂਧੀ ਦੀ ਨਵੀਂ ਆਤਮਕਥਾ 'ਬਿਲੌਂਗਿੰਗ: ਏ ਜਰਨੀ ਆਫ਼ ਲਵ' ਇਸ ਸਮੇਂ ਦੇਸ਼ ਭਰ ਵਿੱਚ ਜ਼ਬਰਦਸਤ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇਸ ਪੁਸਤਕ ਵਿੱਚ ਉਨ੍ਹਾਂ ਨੇ ਨਹਿਰੂ-ਗਾਂਧੀ ਪਰਿਵਾਰ ਦੇ ਅੰਦਰੂਨੀ ਰਿਸ਼ਤਿਆਂ, ਰਾਸ਼ਟਰੀ ਸਵੈਮਸੇਵਕ ਸੰਘ ਅਤੇ ਭਾਰਤੀ ਸਿਆਸਤ ਦੇ ਕਈ ਅਹਿਮ ਮਸਲਿਆਂ ਦਾ ਖ਼ੁਲਾਸਾ ਕੀਤਾ ਹੈ।

ਕਾਂਗਰਸ ਦੀ ਸੀਨੀਅਰ ਆਗੂ ਸੋਨੀਆ ਗਾਂਧੀ ਦੀ ਨਵੀਂ ਆਤਮਕਥਾ 'ਬਿਲੌਂਗਿੰਗ: ਏ ਜਰਨੀ ਆਫ਼ ਲਵ' ਇਸ ਸਮੇਂ ਦੇਸ਼ ਭਰ ਵਿੱਚ ਜ਼ਬਰਦਸਤ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇਸ ਪੁਸਤਕ ਵਿੱਚ ਉਨ੍ਹਾਂ ਨੇ ਨਹਿਰੂ-ਗਾਂਧੀ ਪਰਿਵਾਰ ਦੇ ਅੰਦਰੂਨੀ ਰਿਸ਼ਤਿਆਂ, ਰਾਸ਼ਟਰੀ ਸਵੈਮਸੇਵਕ ਸੰਘ ਅਤੇ ਭਾਰਤੀ ਸਿਆਸਤ ਦੇ ਕਈ ਅਹਿਮ ਮਸਲਿਆਂ ਦਾ ਖ਼ੁਲਾਸਾ ਕੀਤਾ ਹੈ। ਪੁਸਤਕ ਵਿੱਚ 1984 ਦੇ 'ਆਪਰੇਸ਼ਨ ਬਲੂ ਸਟਾਰ' ਦਾ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਸੋਨੀਆ ਗਾਂਧੀ ਨੇ ਲਿਖਿਆ ਹੈ ਕਿ ਇਸ ਫ਼ੌਜੀ ਕਾਰਵਾਈ ਦੇ ਨਤੀਜਿਆਂ ਨੂੰ ਦੇਖ ਕੇ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਬੇਹੱਦ

ਮੈਂ ਇੰਦਰਾ ਜੀ ਦੇ ਅੱਖਾਂ 'ਚ ਹੰਝੂ ਦੇਖੇ ਸਨ', ਸੋਨੀਆ ਗਾਂਧੀ ਨੇ ਆਤਮਕਥਾ 'ਚ 'ਆਪਰੇਸ਼ਨ ਬਲੂ ਸਟਾਰ' 'ਤੇ ਕੀਤਾ ਵੱਡਾ ਦਾਅਵਾ (ਜਾਰੀ)

ਦੁਖੀ ਸਨ ਅਤੇ ਉਨ੍ਹਾਂ ਦਾ ਚਿਹਰਾ ਹੰਝੂਆਂ ਨਾਲ ਭਿੱਜਿਆ ਹੋਇਆ ਸੀ।

ਅੰਮ੍ਰਿਤਸਰ ਸਥਿਤ ਸ੍ਰੀ ਹਰਿਮੰਦਰ ਸਾਹਿਬ 'ਤੇ 1984 ਵਿੱਚ ਹੋਈ ਫ਼ੌਜੀ ਕਾਰਵਾਈ ਬਾਰੇ ਆਪਣੀ ਪੁਸਤਕ ਵਿੱਚ ਜ਼ਿਕਰ ਕਰਦਿਆਂ ਸੋਨੀਆ ਗਾਂਧੀ ਨੇ ਦਾਅਵਾ ਕੀਤਾ ਹੈ ਕਿ ਜਦੋਂ ਉਨ੍ਹਾਂ ਦੀ ਸੱਸ ਅਤੇ ਦੇਸ਼ ਦੀ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਦਰਬਾਰ ਸਾਹਿਬ ਕੰਪਲੈਕਸ ਵਿੱਚ ਹੋਈ ਤਬਾਹੀ ਦੇ ਦ੍ਰਿਸ਼ ਦਿਖਾਏ ਗਏ ਤਾਂ ਉਹ ਆਪਣੇ ਜਜ਼ਬਾਤਾਂ 'ਤੇ ਕਾਬੂ ਨਾ ਰੱਖ ਸਕੇ।

ਉਹ ਲਿਖਦੇ ਹਨ, "ਘਟਨਾ ਤੋਂ ਲਗਭਗ ਇੱਕ ਹਫ਼ਤੇ ਬਾਅਦ, ਇੱਕ ਖੁਫ਼ੀਆ ਅਧਿਕਾਰੀ ਨੇ ਇੰਦਰਾ ਜੀ ਨੂੰ ਕਾਰਵਾਈ ਤੋਂ ਬਾਅਦ ਦੀ ਸਥਿਤੀ 'ਤੇ ਆਧਾਰਿਤ ਇੱਕ ਫ਼ਿਲਮ ਦਿਖਾਈ ਸੀ। ਉਸ ਫ਼ਿਲਮ ਵਿੱਚ ਜ਼ਮੀਨ 'ਤੇ ਪਈਆਂ ਲਾਸ਼ਾਂ (ਜਿਨ੍ਹਾਂ ਵਿੱਚ ਇਸ ਟਕਰਾਅ ਦੌਰਾਨ ਮਾਰੇ ਗਏ ਜਰਨੈਲ ਸਿੰਘ ਭਿੰਡਰਾਂਵਾਲੇ ਵੀ ਸ਼ਾਮਲ ਸਨ), ਜ਼ਮੀਨਦੋਜ਼ ਬਣਾਏ ਗਏ ਮੋਰਚੇ (ਜਿੱਥੋਂ ਫ਼ੌਜ 'ਤੇ ਗੋਲੀਬਾਰੀ ਕੀਤੀ ਗਈ ਸੀ), ਅਤੇ ਮੋਰਚਿਆਂ ਵਿੱਚ ਤਾਇਨਾਤ ਭਾਰੀ ਹਥਿਆਰ ਤੇ ਰਾਕੇਟ ਲਾਂਚਰ ਸਾਫ਼ ਦਿਖਾਈ ਦੇ ਰਹੇ ਸਨ।"

ਸੋਨੀਆ ਗਾਂਧੀ ਨੇ ਅੱਗੇ ਲਿਖਿਆ, "ਮੈਂ ਉਸ ਸਮੇਂ ਇੰਦਰਾ ਜੀ ਦਾ ਚਿਹਰਾ ਹੰਝੂਆਂ ਨਾਲ ਭਿੱਜਿਆ ਹੋਇਆ ਦੇਖ ਸਕਦੀ ਸੀ—ਉਨ੍ਹਾਂ ਦੀਆਂ ਅੱਖਾਂ ਵਿੱਚ ਡੂੰਘੇ ਦਰਦ ਅਤੇ ਪਛਤਾਵੇ ਦੇ ਅੱਥਰੂ ਸਨ। ਮੈਨੂੰ ਲੱਗਦਾ ਹੈ ਕਿ ਉਹ ਇਸ ਘੇਰਾਬੰਦੀ ਦੇ ਇਸ ਤਰ੍ਹਾਂ ਦੇ ਅੰਤ ਅਤੇ ਇਸ ਵਿੱਚ ਹੋਏ ਵੱਡੇ ਪੱਧਰ ਦੇ ਜਾਨੀ ਨੁਕਸਾਨ ਕਾਰਨ ਬਹੁਤ ਜ਼ਿਆਦਾ ਦੁਖੀ ਅਤੇ ਪਰੇਸ਼ਾਨ ਸਨ।"

ਜ਼ਿਕਰਯੋਗ ਹੈ ਕਿ ਜੂਨ 1984 ਦੇ ਪਹਿਲੇ ਹਫ਼ਤੇ ਸ੍ਰੀ ਦਰਬਾਰ ਸਾਹਿਬ ਵਿਖੇ 'ਆਪਰੇਸ਼ਨ ਬਲੂ ਸਟਾਰ' ਚਲਾਇਆ ਗਿਆ ਸੀ, ਜਿੱਥੇ ਖ਼ਾਲਿਸਤਾਨ ਪੱਖੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਉਨ੍ਹਾਂ ਦੇ ਹਥਿਆਰਬੰਦ ਸਾਥੀ ਮੋਰਚਾਬੰਦੀ ਕਰਕੇ ਡਟੇ ਹੋਏ ਸਨ ਅਤੇ ਉਨ੍ਹਾਂ ਨੂੰ ਉੱਥੋਂ ਕੱਢਣ ਲਈ ਫ਼ੌਜੀ ਕਾਰਵਾਈ ਕੀਤੀ ਗਈ ਸੀ। ਇਸ ਫ਼ੌਜੀ ਐਕਸ਼ਨ ਕਾਰਨ ਸਮੁੱਚੇ ਸਿੱਖ ਜਗਤ ਦੇ ਹਿਰਦੇ ਵਲੂੰਧਰੇ ਗਏ ਅਤੇ ਭਾਰੀ ਨਾਰਾਜ਼ਗੀ ਪੈਦਾ ਹੋਈ, ਜਿਸ ਦੇ ਸਿੱਟੇ ਵਜੋਂ 31 ਅਕਤੂਬਰ 1984 ਨੂੰ ਇੰਦਰਾ ਗਾਂਧੀ ਦੇ ਆਪਣੇ ਹੀ ਸਿੱਖ ਸੁਰੱਖਿਆ ਗਾਰਡਾਂ ਵੱਲੋਂ ਉਨ੍ਹਾਂ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਇਸ ਘਟਨਾ ਤੋਂ ਤੁਰੰਤ ਬਾਅਦ ਦਿੱਲੀ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ

ਮਨੋਰੰਜਨ ਵਿਸ਼ੇਸ਼

ਫ਼ਿਲਮੀ ਦੁਨੀਆ

ਸਿਨੇਮਾ, ਸਿਤਾਰੇ ਅਤੇ ਕਲਾਸਿਕ ਫ਼ਿਲਮਾਂ

ਨਾਇਕਾ ਪ੍ਰੋਫ਼ਾਈਲ

ਕਿਆਰਾ ਅਡਵਾਨੀ: ਸਾਧਾਰਨ ਸ਼ੁਰੂਆਤ ਤੋਂ ਬਾਲੀਵੁੱਡ ਦੀ ਸੁਪਰਹਿੱਟ ਨਾਇਕਾ ਤੱਕ

ਕਿਆਰਾ ਅਡਵਾਨੀ ਅਜੋਕੇ ਹਿੰਦੀ ਸਿਨੇਮਾ ਦੀਆਂ ਸਭ ਤੋਂ ਸਫ਼ਲ, ਖ਼ੂਬਸੂਰਤ ਅਤੇ ਬਾਕਸ ਆਫ਼ਿਸ 'ਤੇ ਭਰੋਸੇਯੋਗ ਅਦਾਕਾਰਾਵਾਂ ਵਿੱਚੋਂ ਇੱਕ ਹੈ। ਬਹੁਤ ਘੱਟ ਸਮੇਂ ਵਿੱਚ ਉਸ ਨੇ ਇੱਕ ਤੋਂ ਬਾਅਦ ਇੱਕ ਸੁਪਰਹਿੱਟ ਫ਼ਿਲਮਾਂ ਦੇ ਕੇ ਆਪਣੀ ਅਦਾਕਾਰੀ ਦਾ ਲੋਹਾ ਮਨਵਾਇਆ ਹੈ। ਉਸ ਦੀ ਸਾਦਗੀ, ਮਾਸੂਮੀਅਤ ਅਤੇ ਭਾਵਪੂਰਤ ਅਦਾਕਾਰੀ ਨੇ ਕਰੋੜਾਂ ਦਰਸ਼ਕਾਂ ਨੂੰ ਆਪਣਾ ਦੀਵਾਨਾ ਬਣਾਇਆ ਹੋਇਆ ਹੈ। ਉਸ ਦੀ ਬਾਕਸ ਆਫ਼ਿਸ ਸਫ਼ਲਤਾ ਦੀ ਦਰ ਬਾਲੀਵੁੱਡ ਵਿੱਚ ਸਭ ਤੋਂ ਵੱਧ ਮੰਨੀ ਜਾਂਦੀ ਹੈ।

ਕਿਆਰਾ ਦਾ ਅਸਲ ਨਾਂ ਆਲੀਆ ਅਡਵਾਨੀ ਹੈ। ਉਸ ਦਾ ਜਨਮ 31 ਜੁਲਾਈ 1992 ਨੂੰ ਮੁੰਬਈ ਵਿੱਚ ਹੋਇਆ। ਉਸ ਦੇ ਪਿਤਾ ਜਗਦੀਪ ਅਡਵਾਨੀ ਸਿੰਧੀ ਕਾਰੋਬਾਰੀ ਹਨ ਅਤੇ ਮਾਂ ਜੈਨੇਵੀਵ ਜਾਫ਼ਰੀ ਅਧਿਆਪਕਾ ਸੀ। ਅਦਾਕਾਰੀ ਵਿੱਚ ਕਦਮ ਰੱਖਣ ਤੋਂ ਪਹਿਲਾਂ ਸਲਮਾਨ ਖ਼ਾਨ ਦੀ ਸਲਾਹ 'ਤੇ ਉਸ ਨੇ ਆਪਣਾ ਨਾਂ ਬਦਲ ਕੇ 'ਕਿਆਰਾ' ਰੱਖ ਲਿਆ ਤਾਂ ਜੋ ਆਲੀਆ ਭੱਟ ਨਾਲ ਨਾਂ ਦਾ ਭੁਲੇਖਾ ਨਾ ਪਵੇ। ਉਸ ਨੇ ਜੈ ਹਿੰਦ ਕਾਲਜ ਮੁੰਬਈ ਤੋਂ ਮਾਸ ਕਮਿਊਨੀਕੇਸ਼ਨ ਵਿੱਚ ਗ੍ਰੈਜੂਏਸ਼ਨ ਕੀਤੀ।

ਸਾਲ 2014 ਵਿੱਚ ਕਬੀਰ ਸਦਾਨੰਦ ਦੀ ਫ਼ਿਲਮ 'ਫ਼ਗਲੀ' ਨਾਲ ਉਸ ਨੇ ਬਾਲੀਵੁੱਡ ਵਿੱਚ ਕਦਮ ਰੱਖਿਆ, ਪਰ ਫ਼ਿਲਮ ਬਹੁਤੀ ਸਫ਼ਲ ਨਾ ਰਹੀ। ਕਿਆਰਾ ਦੇ ਕਰੀਅਰ ਦਾ ਪਹਿਲਾ ਵੱਡਾ ਮੋੜ 2016 ਵਿੱਚ ਆਈ ਬਾਇਓਪਿਕ 'ਐਮ.ਐਸ. ਧੋਨੀ: ਦ ਅਨਟੋਲਡ ਸਟੋਰੀ' ਨਾਲ ਆਇਆ। ਸੁਸ਼ਾਂਤ ਸਿੰਘ ਰਾਜਪੂਤ ਦੇ ਸਾਹਮਣੇ ਧੋਨੀ ਦੀ ਪਤਨੀ ਸਾਕਸ਼ੀ ਰਾਵਤ ਦੇ ਕਿਰਦਾਰ ਵਿੱਚ ਉਸ ਦੀ ਮਾਸੂਮ ਅਦਾਕਾਰੀ ਨੇ ਦਰਸ਼ਕਾਂ ਦੇ ਦਿਲ ਜਿੱਤ ਲਏ ਅਤੇ ਉਸ ਦੀ ਖ਼ੂਬ ਚਰਚਾ ਹੋਈ।

2018 ਵਿੱਚ ਨੈੱਟਫਲਿਕਸ ਦੀ ਐਂਥੋਲੋਜੀ ਫ਼ਿਲਮ 'ਲਸਟ ਸਟੋਰੀਜ਼' ਵਿੱਚ ਕਰਨ ਜੌਹਰ ਵਾਲੇ ਹਿੱਸੇ ਵਿੱਚ ਉਸ ਦੀ ਅਦਾਕਾਰੀ ਨੇ ਸਭ ਨੂੰ ਹੈਰਾਨ ਕਰ ਦਿੱਤਾ। ਉਸ ਨੇ ਇੱਕ ਬੋਲਡ ਅਤੇ ਚੁਣੌਤੀਪੂਰਨ ਕਿਰਦਾਰ ਨਿਭਾ ਕੇ ਆਲੋਚਕਾਂ ਦੀ ਭਰਪੂਰ ਪ੍ਰਸ਼ੰਸਾ ਖੱਟੀ। ਉਸੇ ਸਾਲ ਮਹੇਸ਼ ਬਾਬੂ ਨਾਲ ਉਸ ਦੀ ਤੇਲਗੂ ਫ਼ਿਲਮ 'ਭਾਰਤ ਅਨੇ ਨੇਨੂ' ਬਲਾਕਬਸਟਰ ਰਹੀ, ਜਿਸ ਨਾਲ ਦੱਖਣੀ ਭਾਰਤ ਵਿੱਚ ਵੀ ਉਸ ਦੇ ਪ੍ਰਸ਼ੰਸਕਾਂ ਦੀ ਗਿਣਤੀ ਵਧ ਗਈ।



ਕਿਆਰਾ ਅਡਵਾਨੀ

✦ ਸਿਨੇਮਾ ਆਰਕਾਈਵ ✦

ਸਫ਼ਰ ਤੇ ਪ੍ਰਾਪਤੀਆਂ

ਕਿਆਰਾ ਅਡਵਾਨੀ: ਵੱਡੀਆਂ ਫ਼ਿਲਮਾਂ ਤੇ ਸਫ਼ਲਤਾ ਦਾ ਸਿਖ਼ਰ

ਸੰਨ 2019 ਕਿਆਰਾ ਦੇ ਕਰੀਅਰ ਲਈ ਇਤਿਹਾਸਕ ਸਾਬਤ ਹੋਇਆ। ਸ਼ਾਹਿਦ ਕਪੂਰ ਨਾਲ ਉਸ ਦੀ ਫ਼ਿਲਮ 'ਕਬੀਰ ਸਿੰਘ' ਆਲ-ਟਾਈਮ ਬਲਾਕਬਸਟਰ ਰਹੀ। ਫ਼ਿਲਮ ਵਿੱਚ ਉਸ ਵੱਲੋਂ ਨਿਭਾਏ 'ਪ੍ਰੀਤੀ' ਦੇ ਕਿਰਦਾਰ ਨੇ ਉਸ ਨੂੰ ਦੇਸ਼ ਭਰ ਵਿੱਚ ਰਾਸ਼ਟਰੀ ਪੱਧਰ ਦੀ ਸਨਸਨੀ ਬਣਾ ਦਿੱਤਾ। ਉਸੇ ਸਾਲ ਅਕਸ਼ੈ ਕੁਮਾਰ, ਕਰੀਨਾ ਕਪੂਰ ਅਤੇ ਦਿਲਜੀਤ ਦੋਸਾਂਝ ਨਾਲ ਉਸ ਦੀ ਫ਼ਿਲਮ 'ਗੁੱਡ ਨਿਊਜ਼' ਨੇ ਵੀ ਬਾਕਸ ਆਫ਼ਿਸ 'ਤੇ 200 ਕਰੋੜ ਤੋਂ ਵੱਧ ਦੀ ਕਮਾਈ ਕੀਤੀ।

ਸਾਲ 2021 ਵਿੱਚ ਆਈ ਫ਼ਿਲਮ 'ਸ਼ੇਰਸ਼ਾਹ' ਨੇ ਕਿਆਰਾ ਨੂੰ ਅਦਾਕਾਰੀ ਦੇ ਸਿਖਰ 'ਤੇ ਪਹੁੰਚਾ ਦਿੱਤਾ। ਕੈਪਟਨ ਵਿਕਰਮ ਬੱਤਰਾ ਦੀ ਮੰਗੇਤਰ ਡਿੰਪਲ ਚੀਮਾ ਦੇ ਕਿਰਦਾਰ ਵਿੱਚ ਉਸ ਦੀ ਭਾਵੁਕ ਅਦਾਕਾਰੀ ਨੇ ਹਰ ਦਰਸ਼ਕ ਦੀਆਂ ਅੱਖਾਂ ਵਿੱਚ ਹੰਝੂ ਲਿਆ ਦਿੱਤੇ। ਇਸ ਫ਼ਿਲਮ ਨੇ ਕਈ ਰਾਸ਼ਟਰੀ ਅਤੇ ਕੌਮਾਂਤਰੀ ਸਨਮਾਨ ਜਿੱਤੇ ਅਤੇ ਸਿਧਾਰਥ ਮਲਹੋਤਰਾ ਨਾਲ ਉਸ ਦੀ ਜੋੜੀ ਸਿਨੇਮਾ ਦੀ ਸਭ ਤੋਂ ਚਹੇਤੀ ਜੋੜੀ ਬਣ ਗਈ।

ਇਸ ਤੋਂ ਬਾਅਦ ਕਾਰਤਿਕ ਆਰੀਅਨ ਨਾਲ 'ਭੂਲ ਭੁਲਈਆ 2' (2022) ਅਤੇ 'ਸੱਤਿਆਪ੍ਰੇਮ ਕੀ ਕਥਾ' (2023) ਵਿੱਚ ਉਸ ਦੀ ਅਦਾਕਾਰੀ ਨੇ ਸਾਬਤ ਕੀਤਾ ਕਿ ਉਹ ਹਰ ਤਰ੍ਹਾਂ ਦੇ ਕਿਰਦਾਰ ਬਾਖ਼ੂਬੀ ਨਿਭਾ ਸਕਦੀ ਹੈ। ਫਰਵਰੀ 2023 ਵਿੱਚ ਉਸ ਦਾ ਵਿਆਹ ਅਭਿਨੇਤਾ ਸਿਧਾਰਥ ਮਲਹੋਤਰਾ ਨਾਲ ਹੋਇਆ। ਉਹ ਤੇਲਗੂ ਸਿਨੇਮਾ ਵਿੱਚ ਰਾਮ ਚਰਨ ਨਾਲ ਵਿਸ਼ਾਲ ਫ਼ਿਲਮ 'ਗੇਮ ਚੇਂਜਰ' ਅਤੇ ਰਿਤਿਕ ਰੌਸ਼ਨ ਨਾਲ 'ਵਾਰ 2' ਵਰਗੇ ਵੱਡੇ ਪ੍ਰੋਜੈਕਟਾਂ ਵਿੱਚ ਕੰਮ ਕਰ ਰਹੀ ਹੈ।

ਕਿਆਰਾ ਅਡਵਾਨੀ ਅੱਜ ਭਾਰਤੀ ਸਿਨੇਮਾ ਦੀ ਸਭ ਤੋਂ ਚਮਕਦੀ ਅਤੇ ਭਰੋਸੇਮੰਦ ਨਾਇਕਾ ਹੈ। ਉਸ ਦਾ ਸੰਘਰਸ਼ ਅਤੇ ਹਰ ਫ਼ਿਲਮ ਨਾਲ ਅੱਗੇ ਵਧਣ ਦਾ ਜਜ਼ਬਾ ਇਹ ਦਰਸਾਉਂਦਾ ਹੈ ਕਿ ਸਮਰਪਣ ਅਤੇ ਸਬਰ ਨਾਲ ਹਰ ਸੁਪਨਾ ਹਕੀਕਤ ਬਣ ਸਕਦਾ ਹੈ। ਕਿਆਰਾ ਆਉਣ ਵਾਲੇ ਦਹਾਕੇ ਤੱਕ ਸਿਨੇਮਾ ਪਰਦੇ 'ਤੇ ਆਪਣਾ ਜਾਦੂ ਬਿਖੇਰਦੀ ਰਹੇਗੀ।

ਹੀਰ ਵਾਰਿਸ ਸ਼ਾਹ

ਹਿੱਸਾ 5

16. ਭਾਬੀ: ਕਰੋਂ ਆਕੜਾਂ ਖਾਇ ਕੇ ਦੁੱਧ ਚਾਵਲ, ਇਹ ਰੱਜ ਕੇ ਖਾਣ ਦੀਆਂ ਮਸਤੀਆਂ ਨੇ। ਆਖਣ ਦੇਵਰੇ ਨਾਲ ਨਿਹਾਲ ਹੋਈਆਂ, ਸਾਨੂੰ ਸਭ ਸ਼ਰੀਕਣੀਆਂ ਹੱਸਦੀਆਂ ਨੇ। ਇਹ ਰਾਂਝੇ ਦੇ ਨਾਲ ਹਨ ਘਿਉ-ਸ਼ੱਕਰ, ਪਰ ਜੀਉ ਦਾ ਭੇਤ ਨਾ ਦੱਸਦੀਆਂ ਨੇ। ਰੰਨਾਂ ਡਿਗਦੀਆਂ ਵੇਖ ਕੇ ਛੈਲ ਮੁੰਡਾ, ਜਿਵੇਂ ਸ਼ਹਿਦ ਵਿਚ ਮੱਖੀਆਂ ਫਸਦੀਆਂ ਨੇ। ਇੱਕ ਤੂੰ ਕਲੰਕ ਹੈਂ ਅਸਾਂ ਲੱਗਾ, ਹੋਰ ਸਭ ਸੁਖਾਲੀਆਂ ਵਸਦੀਆਂ ਨੇ। ਘਰੋਂ ਨਿਕਲਸੇਂ ਤੇ ਜਦੋਂ ਮਰੋਂ ਭੁਖਾ, ਭੁਲ ਜਾਣ ਤੈਨੂੰ ਸੱਭੇ ਖ਼ਰਮਸਤੀਆਂ ਨੇ। ਵਾਰਿਸ ਜਿਨ੍ਹਾਂ ਨੂੰ ਆਦਤਾਂ ਭੈੜੀਆਂ ਨੀ, ਸਭ ਖ਼ਲਕਤਾਂ ਉਨ੍ਹਾਂ ਤੋਂ ਨਸਦੀਆਂ ਨੇ।
17. ਰਾਂਝਾ: ਤੁਸਾਂ ਛੱਤਰੇ ਮਰਦ ਬਣਾ ਦਿੱਤੇ, ਸੱਪ ਰੱਸੀਆਂ ਦੇ ਕਰੋ ਡਾਰੀਉ ਨੀ। ਰਾਜੇ ਭੋਜ ਦੇ ਮੂੰਹ ਲਗਾਮ ਦੇ ਕੇ, ਚੜ੍ਹ ਦੌੜੀਆਂ ਹੋ ਟੂਣੇ ਹਾਰੀਉ ਨੀ। ਕੈਰੋ ਪਾਂਡਵਾਂ ਦੀ ਸਫ਼ਾ ਗਾਲ ਸੁੱਟੀ, ਜ਼ਰਾ ਗੱਲ ਦੇ ਨਾਲ ਬੁਰਿਆਰਿਉ ਨੀ। ਰਾਵਣ ਲੰਕ ਲੁਟਾਇਕੇ ਗ਼ਰਕ ਹੋਇਆ, ਕਾਰਨ ਤੁਸਾਂ ਦੇ ਹੀ ਹੈਂਸਿਆਰੀਉ ਨੀ।
18. ਭਾਬੀ: ਭਾਬੀ ਆਖਦੀ ਗੁੰਡਿਆ ਮੁੰਡਿਆ ਵੇ, ਸਾਡੇ ਨਾਲ ਕੀ ਰਿੱਕਤਾਂ ਚਾਈਆਂ ਨੀ। ਵਲੀ ਜੇਠ ਤੇ ਜਿਨ੍ਹਾਂ ਦੇ ਫ਼ਤੂ ਦੇਵਰ, ਡੁੱਬ ਮੋਈਆਂ ਉਹ ਭਰਜਾਈਆਂ ਨੀ। ਘਰੋ ਘਰੀ ਵਿਚਾਰਦੇ ਲੋਕ ਸਾਰੇ, ਸਾਨੂੰ ਕੇਹੀਆਂ ਫਾਹੀਆਂ ਪਾਈਆਂ ਨੀ। ਤੇਰੀ ਗੱਲ ਨਾ ਬਣੇਗੀ ਨਾਲ ਸਾਡੇ, ਜਾ ਪਰਨਾ ਲਿਆ ਸਿਆਲਾਂ ਦੀਆਂ ਜਾਈਆਂ ਨੀ।
19. ਰਾਂਝਾ: ਮੂੰਹ ਬੁਰਾ ਦਿਸੰਦੜਾ ਭਾਬੀਏ ਨੀ, ਸੜੇ ਹੋਏ ਪਤੰਗ ਕਿਉਂ ਸਾੜਨੀ ਏਂ। ਤੇਰੇ ਗੋਚਰਾ ਕੰਮ ਕੀ ਪਿਆ ਮੇਰਾ, ਸਾਨੂੰ ਬੋਲੀਆਂ ਨਾਲ ਕਿਉਂ ਮਾਰਨੀ ਏਂ। ਕੋਠੇ ਚਾੜ੍ਹ ਕੇ ਪੌੜੀਆਂ ਲਾਹ ਲੈਂਦੀ, ਕੇਹੇ ਕਲਹ ਦੇ ਮਹਿਲ ਉਸਾਰਨੀ ਏਂ। ਵਾਰਿਸ ਸ਼ਾਹ ਦੇ ਨਾਲ ਸਰਦਾਰਨੀ ਤੂੰ, ਪਰ ਪੇਕਿਆਂ ਵੱਲੋਂ ਗਵਾਰਨੀ ਏਂ।

ਅਗਲਾ ਹਿੱਸਾ ਕੱਲ੍ਹ, ਏਸੇ ਥਾਂ

ਮੈਂ ਇੰਦਰਾ ਜੀ ਦੇ ਅੱਖਾਂ 'ਚ ਹੰਝੂ ਦੇਖੇ ਸਨ', ਸੋਨੀਆ ਗਾਂਧੀ ਨੇ ਆਤਮਕਥਾ 'ਚ 'ਆਪਰੇਸ਼ਨ ਬਲੂ ਸਟਾਰ' 'ਤੇ ਕੀਤਾ ਵੱਡਾ ਦਾਅਵਾ (ਜਾਰੀ)

ਭਿਆਨਕ ਸਿੱਖ ਵਿਰੋਧੀ ਦੰਗੇ ਭੜਕ ਉੱਠੇ ਸਨ।

ਦੰਗਿਆਂ ਦੇ ਦੌਰ ਅਤੇ ਉਸ ਤੋਂ ਬਾਅਦ ਹੋਈਆਂ ਜਾਂਚਾਂ ਬਾਰੇ ਸੋਨੀਆ ਗਾਂਧੀ ਨੇ ਲਿਖਿਆ, "ਉਸ ਵੇਲੇ ਅਤੇ ਉਸ ਤੋਂ ਬਾਅਦ ਦੇ ਸਾਲਾਂ ਵਿੱਚ ਕਾਂਗਰਸ ਅਤੇ ਗ਼ੈਰ-ਕਾਂਗਰਸੀ ਦੋਵਾਂ ਤਰ੍ਹਾਂ ਦੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਕਈ ਜਾਂਚ ਕਮਿਸ਼ਨ ਗਠਿਤ ਕੀਤੇ ਗਏ। ਕਈ ਵਿਅਕਤੀਆਂ ਖ਼ਿਲਾਫ਼ ਅਪਰਾਧਿਕ ਕਾਰਵਾਈਆਂ ਵੀ ਸ਼ੁਰੂ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਕਈ ਕਾਂਗਰਸ ਪਾਰਟੀ ਦੇ ਆਗੂ ਤੇ ਮੈਂਬਰ ਸਨ, ਜਿਨ੍ਹਾਂ 'ਤੇ ਹਿੰਸਾ ਭੜਕਾਉਣ ਜਾਂ ਨਿਰਦੇਸ਼ ਦੇਣ ਦੇ ਦੋਸ਼ ਲੱਗੇ ਸਨ। ਇਨ੍ਹਾਂ ਦੰਗਿਆਂ ਦੌਰਾਨ ਹੋਈਆਂ ਹੱਤਿਆਵਾਂ ਵਿੱਚ ਸ਼ਾਮਲ ਆਰ.ਐੱਸ.ਐੱਸ. ਨਾਲ ਜੁੜੇ ਲੋਕਾਂ ਖ਼ਿਲਾਫ਼ ਵੀ ਕਈ ਮਾਮਲੇ ਦਰਜ ਕੀਤੇ ਗਏ। ਪੁਲਿਸ ਕੋਲ ਦਰਜ ਹੋਈਆਂ ਸੈਂਕੜੇ ਐਫ਼.ਆਈ.ਆਰਜ਼. ਵਿੱਚੋਂ ਚਾਰ-ਪੰਜ ਕੇਸਾਂ ਵਿੱਚ ਕਾਂਗਰਸੀ ਵਰਕਰਾਂ ਦੀਆਂ ਗ੍ਰਿਫ਼ਤਾਰੀਆਂ ਹੋਈਆਂ, ਜਿਨ੍ਹਾਂ ਵਿੱਚੋਂ ਇੱਕ ਅਜੇ ਵੀ ਆਪਣੀ ਕੈਦ ਕੱਟ ਰਿਹਾ ਹੈ।"

ਸੋਨੀਆ ਗਾਂਧੀ ਦੀ ਇਹ ਆਤਮਕਥਾ ਹਾਰਪਰਕਾਲਿਨਜ਼ ਇੰਡੀਆ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਹੈ। 526 ਪੰਨਿਆਂ ਦੀ ਇਸ ਪੁਸਤਕ ਵਿੱਚ ਉਨ੍ਹਾਂ ਨੇ ਆਪਣੀ ਜ਼ਿੰਦਗੀ ਦੇ ਵੱਖ-ਵੱਖ ਪੜਾਵਾਂ ਨੂੰ ਬੜੀ ਬਾਰੀਕੀ ਨਾਲ ਪੇਸ਼ ਕੀਤਾ ਹੈ। ਇਸ ਵਿੱਚ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਇਟਲੀ ਵਿੱਚ ਬੀਤਿਆ ਉਨ੍ਹਾਂ ਦਾ ਬਚਪਨ, ਨਹਿਰੂ-ਗਾਂਧੀ ਪਰਿਵਾਰ ਵਿੱਚ ਵਿਆਹ, ਦੇਸ਼ ਵਿੱਚ ਐਮਰਜੈਂਸੀ ਦਾ ਦੌਰ, ਪਤੀ ਰਾਜੀਵ ਗਾਂਧੀ ਦਾ ਬੇਰਹਿਮੀ ਨਾਲ ਕਤਲ, ਦੇਵਰਾਣੀ ਮੇਨਕਾ ਗਾਂਧੀ ਨਾਲ ਰਿਸ਼ਤਿਆਂ ਦੇ ਉਤਰਾਅ-ਚੜ੍ਹਾਅ ਅਤੇ ਅੰਤ ਵਿੱਚ ਸਰਗਰਮ ਰਾਜਨੀਤੀ ਵਿੱਚ ਦਾਖ਼ਲੇ ਸਮੇਤ ਕਈ ਅਣਗੌਲੇ ਅਤੇ ਸੰਵੇਦਨਸ਼ੀਲ ਪਹਿਲੂਆਂ ਨੂੰ ਸ਼ਾਮਲ ਕੀਤਾ ਗਿਆ ਹੈ।

ਵਿਸ਼ਵ

ਲਾਹੌਰ 'ਚ 79 ਸਾਲਾਂ ਬਾਅਦ ਖੁੱਲ੍ਹਿਆ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ, ਸਿੱਖ ਸੰਗਤਾਂ 'ਚ ਭਾਰੀ ਉਤਸ਼ਾਹ

ਲਾਹੌਰ 'ਚ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੂੰ ਬੀਤੇ ਐਤਵਾਰ ਮੁੜ ਸੰਗਤ ਲਈ ਖੋਲ੍ਹ ਦਿੱਤਾ ਗਿਆ ਹੈ। ਸਾਲ 1947 ਵਿੱਚ ਹੋਈ ਦੇਸ਼ ਦੀ ਵੰਡ ਤੋਂ ਬਾਅਦ ਇਹ ਪਵਿੱਤਰ ਅਸਥਾਨ ਪਿਛਲੇ 79 ਸਾਲਾਂ ਤੋਂ ਲਗਾਤਾਰ ਬੰਦ ਪਿਆ ਸੀ। ਗੁਰਦੁਆਰਾ ਸਾਹਿਬ ਦੇ ਮੁੜ ਖੁੱਲ੍ਹਣ ਦੇ ਸ਼ੁਭ ਅਵਸਰ 'ਤੇ ਗੁਰਮਤਿ ਰਵਾਇਤਾਂ ਅਨੁਸਾਰ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ।

ਲਾਹੌਰ 'ਚ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੂੰ ਬੀਤੇ ਐਤਵਾਰ ਮੁੜ ਸੰਗਤ ਲਈ ਖੋਲ੍ਹ ਦਿੱਤਾ ਗਿਆ ਹੈ। ਸਾਲ 1947 ਵਿੱਚ ਹੋਈ ਦੇਸ਼ ਦੀ ਵੰਡ ਤੋਂ ਬਾਅਦ ਇਹ ਪਵਿੱਤਰ ਅਸਥਾਨ ਪਿਛਲੇ 79 ਸਾਲਾਂ ਤੋਂ ਲਗਾਤਾਰ ਬੰਦ ਪਿਆ ਸੀ। ਗੁਰਦੁਆਰਾ ਸਾਹਿਬ ਦੇ ਮੁੜ ਖੁੱਲ੍ਹਣ ਦੇ ਸ਼ੁਭ ਅਵਸਰ 'ਤੇ ਗੁਰਮਤਿ ਰਵਾਇਤਾਂ ਅਨੁਸਾਰ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਥਾਨਕ ਅਤੇ ਦੂਰ-ਦੁਰਾਡੇ ਤੋਂ ਆਏ ਸਿੱਖ ਭਾਈਚਾਰੇ ਦੇ ਸ਼ਰਧਾਲੂ ਵੱਡੀ ਗਿਣਤੀ ਵਿੱਚ ਨਤਮਸਤਕ ਹੋਏ। ਲਾਹੌਰ ਦੇ ਟੈਂਪਲ ਰੋਡ 'ਤੇ ਸਥਿਤ ਇਹ ਪਾਵਨ ਅਸਥਾਨ ਸਿੱਖ ਧਰਮ ਦੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ (1595-1644) ਦੀ ਲਾਹੌਰ ਫੇਰੀ ਦੀ ਇਤਿਹਾਸਕ ਯਾਦ ਨਾਲ ਸਿੱਧਾ ਜੁੜਿਆ ਹੋਇਆ ਹੈ।

ਧਾਰਮਿਕ ਸ਼ਖ਼ਸੀਅਤਾਂ ਤੇ ਅਧਿਕਾਰੀਆਂ ਨੇ ਭਰੀ ਹਾਜ਼ਰੀ

ਐਤਵਾਰ ਨੂੰ ਆਯੋਜਿਤ ਕੀਤੇ ਗਏ ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਲਹਿੰਦੇ ਪੰਜਾਬ ਦੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਅਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਪੀ.ਐੱਸ.ਜੀ.ਪੀ.ਸੀ.) ਦੇ ਪ੍ਰਧਾਨ ਰਮੇਸ਼ ਸਿੰਘ ਅਰੋੜਾ, ਔਕਾਫ਼ ਟਰੱਸਟ ਪ੍ਰਾਪਰਟੀ ਬੋਰਡ (ਈ.ਟੀ.ਪੀ.ਬੀ.) ਦੇ ਸਕੱਤਰ ਨਾਸਿਰ ਮੁਸ਼ਤਾਕ ਸਮੇਤ ਕਈ ਉੱਚ ਅਧਿਕਾਰੀ ਉਚੇਚੇ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਰਮੇਸ਼ ਸਿੰਘ ਅਰੋੜਾ ਨੇ

ਲਾਹੌਰ 'ਚ 79 ਸਾਲਾਂ ਬਾਅਦ ਖੁੱਲ੍ਹਿਆ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ, ਸਿੱਖ ਸੰਗਤਾਂ 'ਚ ਭਾਰੀ ਉਤਸ਼ਾਹ (ਜਾਰੀ)

ਜਾਣਕਾਰੀ ਦਿੱਤੀ ਕਿ ਇਸ ਇਤਿਹਾਸਕ ਅਸਥਾਨ ਦੀ ਮੁਰੰਮਤ ਅਤੇ ਬਹਾਲੀ ਦਾ ਕਾਰਜ ਸਫ਼ਲਤਾਪੂਰਵਕ ਮੁਕੰਮਲ ਕਰ ਲਿਆ ਗਿਆ ਹੈ ਅਤੇ ਹੁਣ ਇਹ ਗੁਰਧਾਮ ਸਿੱਖ ਸੰਗਤਾਂ ਲਈ ਨਤਮਸਤਕ ਹੋਣ ਅਤੇ ਧਾਰਮਿਕ ਰਸਮਾਂ ਨਿਭਾਉਣ ਵਾਸਤੇ ਪੂਰੀ ਤਰ੍ਹਾਂ ਖੋਲ੍ਹ ਦਿੱਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸੂਬੇ ਵਿੱਚ ਸਿੱਖ ਧਾਰਮਿਕ ਵਿਰਾਸਤ ਨੂੰ ਸੰਭਾਲਣ ਅਤੇ ਸ਼ਰਧਾਲੂਆਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਦੇਸ਼ ਭਰ ਦੇ 50 ਤੋਂ ਵੱਧ ਗੁਰਦੁਆਰਾ ਸਾਹਿਬਾਨ ਦੀ ਮੁਰੰਮਤ ਅਤੇ ਨਵੀਨੀਕਰਨ ਦੇ ਪ੍ਰਾਜੈਕਟਾਂ 'ਤੇ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ। ਪਾਵਨ ਅਸਥਾਨ ਦਾ ਸ਼ਾਨਾਮੱਤਾ ਇਤਿਹਾਸ

ਇਤਿਹਾਸਕ ਹਵਾਲਿਆਂ ਅਨੁਸਾਰ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਲਾਹੌਰ ਦੀ ਸਥਾਨਕ ਸਿੱਖ ਸੰਗਤ ਦਾ ਪਿਆਰ ਭਰਿਆ ਸੱਦਾ ਪ੍ਰਵਾਨ ਕੀਤਾ ਸੀ ਅਤੇ ਉਹ ਆਪਣੀ ਲਾਹੌਰ ਫੇਰੀ ਦੌਰਾਨ ਇੱਥੋਂ ਦੇ ਇੱਕ ਸ਼ਰਧਾਲੂ ਭਾਈ ਜੀਵਨ ਦੇ ਗ੍ਰਹਿ ਵਿਖੇ ਤਿੰਨ ਦਿਨਾਂ ਲਈ ਠਹਿਰੇ ਸਨ। ਗੁਰੂ ਸਾਹਿਬ ਦੇ ਚਰਨ ਪੈਣ ਮਗਰੋਂ ਭਾਈ ਜੀਵਨ ਨੇ ਆਪਣੇ ਉਸ ਘਰ ਨੂੰ ਗੁਰਦੁਆਰਾ ਸਾਹਿਬ ਦਾ ਰੂਪ ਦੇ ਦਿੱਤਾ ਸੀ। ਇਸ ਤੋਂ ਇਲਾਵਾ ਇਸ ਇਤਿਹਾਸਕ ਸਥਾਨ ਦਾ ਗੂੜ੍ਹਾ ਸਬੰਧ ਅਮਰ ਸ਼ਹੀਦ ਭਾਈ ਬਿਧੀ ਚੰਦ ਜੀ ਨਾਲ ਵੀ ਜੁੜਿਆ ਹੋਇਆ ਹੈ। ਉਹ ਉਸ ਸਮੇਂ ਮੁਗ਼ਲ ਗਵਰਨਰ ਵੱਲੋਂ ਜਬਰੀ ਜ਼ਬਤ ਕੀਤੇ ਗਏ ਗੁਰੂ ਘਰ ਦੇ ਘੋੜਿਆਂ ਨੂੰ ਵਾਪਸ ਲਿਆਉਣ ਲਈ ਆਪਣੀਆਂ ਦੋ ਲਾਹੌਰ ਫੇਰੀਆਂ ਦੌਰਾਨ ਇਸੇ ਪਵਿੱਤਰ ਅਸਥਾਨ 'ਤੇ ਠਹਿਰੇ ਸਨ। ਜ਼ਿਕਰਯੋਗ ਹੈ ਕਿ ਇਹ ਕੀਮਤੀ ਘੋੜੇ ਸ਼ਰਧਾਲੂ ਸੰਗਤਾਂ ਵੱਲੋਂ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਭੇਟ ਕਰਨ ਵਾਸਤੇ ਲਿਆਂਦੇ ਗਏ ਸਨ, ਜਿਨ੍ਹਾਂ ਨੂੰ ਮੁਗ਼ਲਾਂ ਨੇ ਰਾਹ ਵਿੱਚ ਹੀ ਖੋਹ ਲਿਆ ਸੀ।

ਮਨੋਰੰਜਨ

ਇੰਦੌਰ ਸ਼ੋਅ 'ਤੇ ਦਿਲਜੀਤ ਦਾ ਵੱਡਾ ਬਿਆਨ, ਬੋਲੇ- '101% ਆਵਾਂਗੇ; ਪਹਿਲਾਂ ਪੋਹਾ ਖਾਵਾਂਗੇ ਤੇ ਫਿਰ ਚੱਕਾਂਗੇ ਫੱਟੇ

ਮਸ਼ਹੂਰ ਪੰਜਾਬੀ ਗਾਇਕ ਤੇ ਅਦਾਕਾਰ ਦਿਲਜੀਤ ਦੋਸਾਂਝ ਨੇ ਮੰਗਲਵਾਰ ਨੂੰ ਇੰਸਟਾਗ੍ਰਾਮ ਲਾਈਵ ਦੌਰਾਨ ਉਨ੍ਹਾਂ ਸਾਰੀਆਂ ਅਫ਼ਵਾਹਾਂ ਅਤੇ ਚਰਚਾਵਾਂ 'ਤੇ ਪੂਰਨ ਵਿਰਾਮ ਲਗਾ ਦਿੱਤਾ ਹੈ, ਜਿਨ੍ਹਾਂ ਵਿੱਚ ਦਾਅਵਾ ਕੀਤਾ ਜਾ ਰਿਹਾ ਸੀ ਕਿ ਸੁਰੱਖਿਆ ਕਾਰਨਾਂ ਦਾ ਹਵਾਲਾ ਦੇ ਕੇ ਉਨ੍ਹਾਂ ਦਾ ਆਗਾਮੀ ਇੰਦੌਰ ਕੰਸਰਟ ਰੱਦ ਕੀਤਾ ਜਾ ਸਕਦਾ ਹੈ। ਗਾਇਕ ਨੇ ਸਪੱਸ਼ਟ ਕੀਤਾ ਕਿ ਸ਼ੋਅ ਆਪਣੇ ਤੈਅ ਪ੍ਰੋਗਰਾਮ ਅਨੁਸਾਰ ਹੀ ਹੋਵੇਗਾ।

ਆਪਣੇ ਜਾਣੇ-ਪਛਾਣੇ ਹਾਸਰਸ ਅਤੇ ਬੇਬਾਕ ਅੰਦਾਜ਼ ਵਿੱਚ ਦਿਲਜੀਤ ਨੇ ਮੀਡੀਆ ਅਦਾਰਿਆਂ ਵੱਲੋਂ ਖ਼ਬਰਾਂ ਨੂੰ ਵਧਾ-ਚੜ੍ਹਾ ਕੇ ਅਤੇ ਸਨਸਨੀਖੇਜ਼ ਬਣਾ ਕੇ ਪੇਸ਼ ਕਰਨ 'ਤੇ ਤਨਜ਼ ਕੱਸਦਿਆਂ ਕਿਹਾ ਕਿ ਰਿਪੋਰਟਿੰਗ ਵਿੱਚ ਆਪਣੀ ਤਰਫ਼ੋਂ "ਮਸਾਲਾ" ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਨੇ ਪ੍ਰਸ਼ੰਸਕਾਂ ਨੂੰ ਪੂਰਾ ਭਰੋਸਾ ਦਿਵਾਉਂਦਿਆਂ ਕਿਹਾ ਕਿ ਉਹ 15 ਨਵੰਬਰ ਨੂੰ ਇੰਦੌਰ ਦੀ ਧਰਤੀ 'ਤੇ ਜ਼ਰੂਰ ਲਾਈਵ ਪਰਫਾਰਮੈਂਸ ਦੇਣਗੇ।

ਇੰਸਟਾਗ੍ਰਾਮ 'ਤੇ ਪ੍ਰਸ਼ੰਸਕਾਂ ਨਾਲ ਗੱਲਬਾਤ ਕਰਦਿਆਂ ਦਿਲਜੀਤ ਨੇ ਕਿਹਾ, "15 ਤਾਰੀਖ਼ ਨੂੰ ਇੰਦੌਰ ਆ ਰਹੇ ਹਾਂ, 101 ਪਰਸੈਂਟ ਆ ਰਹੇ ਹਾਂ! ਸਭ ਤੋਂ ਪਹਿਲਾਂ ਆ ਕੇ ਇੰਦੌਰੀ ਪੋਹਾ ਖਾਵਾਂਗੇ, ਫਿਰ ਪੂਰੀ ਊਰਜਾ ਨਾਲ ਚੱਕ ਦੇ ਫੱਟੇ ਕਰਾਂਗੇ।" ਉਨ੍ਹਾਂ ਅੱਗੇ ਪ੍ਰਸ਼ੰਸਕਾਂ ਨੂੰ ਅਪੀਲ ਕਰਦਿਆਂ ਕਿਹਾ, "ਕੋਈ ਜੋ ਮਰਜ਼ੀ ਬੋਲਦਾ ਰਹੇ, ਮੈਂ 15 ਤਾਰੀਖ਼ ਨੂੰ ਤੁਹਾਡੇ ਸਾਰਿਆਂ ਦੇ ਰੂਬਰੂ ਜ਼ਰੂਰ ਹੋਵਾਂਗਾ। ਤੁਸੀਂ ਬੱਸ ਮੇਰੇ ਬੋਲਾਂ 'ਤੇ ਭਰੋਸਾ ਰੱਖੋ।"

ਦਿਲਜੀਤ ਦੋਸਾਂਝ ਦਾ ਇਹ ਲਾਈਵ ਸ਼ੋਅ ਉਨ੍ਹਾਂ ਹਦਾਇਤਾਂ ਤੋਂ ਬਾਅਦ ਵੀ ਚਰਚਾ ਦੇ ਕੇਂਦਰ ਵਿੱਚ ਆਇਆ ਹੈ, ਜਿਨ੍ਹਾਂ ਰਾਹੀਂ ਸਮਾਗਮ ਦੇ ਪ੍ਰਬੰਧਕਾਂ ਅਤੇ ਵੈਨਿਊ ਪ੍ਰਸ਼ਾਸਨ ਨੂੰ ਕਥਿਤ ਤੌਰ 'ਤੇ ਇਹ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਕਿ ਮੰਚ ਤੋਂ ਅਜਿਹੇ ਗੀਤ ਨਾ ਗਾਏ ਜਾਣ ਜੋ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਦੀ ਮਾਨਸਿਕਤਾ 'ਤੇ ਨਾਂਹ-ਪੱਖੀ ਪ੍ਰਭਾਵ ਪਾਉਂਦੇ ਹੋਣ।

ਸਾਨੂੰ ਚੰਡੀਗੜ੍ਹ ਤੋਂ ਨਸ਼ਿਆਂ, ਸ਼ਰਾਬ ਜਾਂ ਹਥਿਆਰਾਂ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਵਾਲੇ ਗੀਤਾਂ ਸਬੰਧੀ ਇੱਕ ਅਧਿਕਾਰਤ ਪੱਤਰ ਪ੍ਰਾਪਤ ਹੋਇਆ ਸੀ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਅਤੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਅਸੀਂ ਇਵੈਂਟ ਪ੍ਰਬੰਧਕਾਂ ਨੂੰ ਲਿਖਤੀ ਤੌਰ 'ਤੇ ਨਿਰਦੇਸ਼ ਜਾਰੀ ਕੀਤੇ ਹਨ ਕਿ ਅਜਿਹੇ ਇਤਰਾਜ਼ਯੋਗ ਗੀਤਾਂ ਦੀ ਪੇਸ਼ਕਾਰੀ ਨਾ ਕੀਤੀ ਜਾਵੇ, ਤਾਂ ਜੋ ਨਾਬਾਲਗਾਂ ਅਤੇ ਬੱਚਿਆਂ 'ਤੇ ਕਿਸੇ ਵੀ ਤਰ੍ਹਾਂ ਦਾ ਮਾੜਾ ਅਸਰ ਨਾ ਪਵੇ।"

ਜ਼ਿਕਰਯੋਗ ਹੈ ਕਿ ਬੀਤੀ 30 ਅਕਤੂਬਰ ਨੂੰ ਦਿਲਜੀਤ ਨੇ ਦਿੱਲੀ ਸਥਿਤ ਜਵਾਹਰ ਲਾਲ ਨਹਿਰੂ ਸਟੇਡੀਅਮ ਵਿਖੇ ਹਜ਼ਾਰਾਂ ਦਰਸ਼ਕਾਂ ਦੇ ਭਾਰੀ ਇਕੱਠ ਨਾਲ ਆਪਣੇ 'ਔਰਾ ਟੂਰ' ਦੇ ਭਾਰਤੀ ਗੇੜ ਦਾ ਸ਼ਾਨਦਾਰ ਆਗਾਜ਼ ਕੀਤਾ ਸੀ।

ਦਿੱਲੀ ਸ਼ੋਅ ਦੌਰਾਨ ਦਿਲਜੀਤ ਨੇ 'ਜੀ.ਓ.ਏ.ਟੀ.', 'ਇੱਕ ਕੁੜੀ', 'ਲਲਕਾਰਾ', 'ਇਸ਼ਕ ਦੀ ਬਾਜ਼ੀਆਂ', 'ਨੈਣਾ' ਅਤੇ 'ਕਿੰਨੀ ਕਿੰਨੀ' ਵਰਗੇ ਚਰਚਿਤ ਗੀਤਾਂ ਤੋਂ ਲੈ ਕੇ 'ਕੇਸ', 'ਪੰਜਤਾਰਾ', 'ਹੱਸ ਹੱਸ' ਅਤੇ 'ਵਾਟਰ' ਵਰਗੇ ਸੁਪਰਹਿੱਟ ਟਰੈਕਾਂ ਨਾਲ ਦਰਸ਼ਕਾਂ ਨੂੰ ਸੰਗੀਤ ਦੇ ਰੰਗ ਵਿੱਚ ਰੰਗ ਦਿੱਤਾ ਸੀ। ਇਸ ਸ਼ਾਮ ਦਾ ਸਭ ਤੋਂ ਭਾਵੁਕ ਅਤੇ ਯਾਦਗਾਰੀ ਪਲ ਉਹ ਰਿਹਾ ਜਦੋਂ ਦਿਲਜੀਤ ਨੇ ਸੂਫ਼ੀਆਨਾ ਅੰਦਾਜ਼ ਵਿੱਚ 'ਸਾਂਸੋਂ ਕੀ ਮਾਲਾ' ਗੀਤ ਪੇਸ਼ ਕੀਤਾ, ਜਿਸ 'ਤੇ ਸਟੇਡੀਅਮ ਵਿੱਚ ਮੌਜੂਦ ਪ੍ਰਸ਼ੰਸਕਾਂ ਵੱਲੋਂ ਜ਼ਬਰਦਸਤ ਹੁੰਗਾਰਾ ਦਿੱਤਾ ਗਿਆ ਸੀ।

ਸਿੱਖਿਆ

ਸੀਆਈਐਸਸੀਈ ਨੇ ਜਾਰੀ ਕੀਤੀ 10ਵੀਂ-12ਵੀਂ ਬੋਰਡ ਪ੍ਰੀਖਿਆਵਾਂ 2027 ਦੀ ਡੇਟਸ਼ੀਟ, 9 ਫਰਵਰੀ ਤੋਂ ਸ਼ੁਰੂ ਹੋਣਗੀਆਂ

ਸੀਆਈਐਸਸੀਈ ਨੇ 2027 ਦੀਆਂ 10ਵੀਂ-12ਵੀਂ ਬੋਰਡ ਪ੍ਰੀਖਿਆਵਾਂ ਲਈ ਡੇਟਸ਼ੀਟ ਜਾਰੀ ਕਰ ਦਿੱਤੀ ਹੈ। 10ਵੀਂ ਜਮਾਤ ਦੀਆਂ ਪ੍ਰੀਖਿਆਵਾਂ 9 ਫਰਵਰੀ ਤੋਂ ਅਤੇ 12ਵੀਂ ਜਮਾਤ ਦੀਆਂ 15 ਫਰਵਰੀ ਤੋਂ ਸ਼ੁਰੂ ਹੋਣਗੀਆਂ। ਲਗਭਗ 3.80 ਲੱਖ ਵਿਦਿਆਰਥੀ ਦੋਵੇਂ ਪ੍ਰੀਖਿਆਵਾਂ ਵਿੱਚ ਬੈਠਣਗੇ।

ਕੌਂਸਲ ਫਾਰ ਦ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨਜ਼ ਨੇ 2027 ਦੀਆਂ 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ ਕਰ ਦਿੱਤਾ ਹੈ।

ਸੀਆਈਐਸਸੀਈ ਨੇ ਜਾਰੀ ਕੀਤੀ 10ਵੀਂ-12ਵੀਂ ਬੋਰਡ ਪ੍ਰੀਖਿਆਵਾਂ 2027 ਦੀ ਡੇਟਸ਼ੀਟ, 9 ਫਰਵਰੀ ਤੋਂ ਸ਼ੁਰੂ ਹੋਣਗੀਆਂ (ਜਾਰੀ)

ਇਸ ਸ਼ਡਿਊਲ ਦੇ ਤਹਿਤ, (ਕਲਾਸ 10) ਅਤੇ (ਕਲਾਸ 12) ਪ੍ਰੀਖਿਆਵਾਂ ਕਰਵਾਈਆਂ ਜਾਣਗੀਆਂ। ਕੁੱਲ 379,980 ਵਿਦਿਆਰਥੀ ਦੋਵੇਂ ਪ੍ਰੀਖਿਆਵਾਂ ਵਿੱਚ ਬੈਠਣਗੇ। ਲਗਭਗ 2.70 ਲੱਖ ਵਿਦਿਆਰਥੀ ਪ੍ਰੀਖਿਆ ਵਿੱਚ ਬੈਠਣਗੇ ਅਤੇ 1.10 ਲੱਖ ਤੋਂ ਵੱਧ ਵਿਦਿਆਰਥੀ ਪ੍ਰੀਖਿਆ ਵਿੱਚ ਬੈਠਣਗੇ। 10ਵੀਂ ਜਮਾਤ ਦੀਆਂ ਪ੍ਰੀਖਿਆਵਾਂ 9 ਫਰਵਰੀ ਤੋਂ ਜਦੋਂਕਿ 12ਵੀਂ ਜਮਾਤ ਦੀਆਂ ਪ੍ਰੀਖਿਆਵਾਂ 15 ਫਰਵਰੀ ਨੂੰ ਸ਼ੁਰੂ ਹੋਣਗੀਆਂ ਅਤੇ 31 ਮਾਰਚ, 2027 ਤੱਕ ਜਾਰੀ ਰਹਿਣਗੀਆਂ।

ਪ੍ਰੀਖਿਆਵਾਂ ਭਾਰਤ ਅਤੇ ਵਿਦੇਸ਼ ਦੋਵਾਂ ਵਿੱਚ ਲਈਆਂ ਜਾਣਗੀਆਂ। ਦੋਵਾਂ ਜਮਾਤਾਂ ਦੇ ਵਿਦਿਆਰਥੀਆਂ ਲਈ ਪ੍ਰੀਖਿਆਵਾਂ ਨਿਰਧਾਰਤ ਸ਼ੈਡਿਊਲ ਅਨੁਸਾਰ ਲਈਆਂ ਜਾਣਗੀਆਂ।

(ਕਲਾਸ 10) ਪ੍ਰੀਖਿਆ ਵਿੱਚ ਕੁੱਲ 76 ਵਿਸ਼ੇ ਜਾਂ ਪੇਪਰ ਸ਼ਾਮਲ ਹੋਣਗੇ। ਇਸ ਦੌਰਾਨ, (ਕਲਾਸ 12) ਦੇ ਵਿਦਿਆਰਥੀਆਂ ਲਈ, 60 ਵਿਸ਼ਿਆਂ ਵਿੱਚ ਪ੍ਰੀਖਿਆਵਾਂ ਲਈਆਂ ਜਾਣਗੀਆਂ। ਇਨ੍ਹਾਂ ਵਿਸ਼ਿਆਂ ਵਿੱਚ ਵੱਖ-ਵੱਖ ਅਕਾਦਮਿਕ ਖੇਤਰਾਂ ਨਾਲ ਸਬੰਧਤ ਪੇਪਰ ਸ਼ਾਮਲ ਹਨ। ਇਸ ਨਾਲ ਵਿਦਿਆਰਥੀਆਂ ਨੂੰ ਆਪਣੇ ਚੁਣੇ ਹੋਏ ਵਿਸ਼ਿਆਂ ਅਨੁਸਾਰ ਪ੍ਰੀਖਿਆ ਦੇਣ ਦਾ ਮੌਕਾ ਮਿਲੇਗਾ।

2027 (ਕਲਾਸ 12) ਦੀਆਂ ਬੋਰਡ ਪ੍ਰੀਖਿਆਵਾਂ 15 ਫਰਵਰੀ, 2027 ਸੋਮਵਾਰ ਨੂੰ ਸ਼ੁਰੂ ਹੋਣਗੀਆਂ। ਪ੍ਰੀਖਿਆਵਾਂ ਬੁੱਧਵਾਰ, 31 ਮਾਰਚ, 2027 ਨੂੰ ਸਮਾਪਤ ਹੋਣਗੀਆਂ। ਇਸ ਨਾਲ ਵਿਦਿਆਰਥੀਆਂ ਨੂੰ ਆਪਣੀ ਤਿਆਰੀ ਲਈ ਪਹਿਲਾਂ ਤੋਂ ਯੋਜਨਾ ਬਣਾਉਣ ਦਾ ਸਮਾਂ ਮਿਲੇਗਾ।

ਵਿਦਿਆਰਥੀ ਇਨ੍ਹਾਂ ਕੇਂਦਰਾਂ 'ਤੇ ਪ੍ਰੀਖਿਆ ਦੇਣਗੇ। ਕੌਂਸਲ ਦਾ ਕਹਿਣਾ ਹੈ ਕਿ ਉਹ ਇੱਕ ਨਿਰਪੱਖ ਅਤੇ ਭਰੋਸੇਮੰਦ ਪ੍ਰਣਾਲੀ ਬਣਾਈ ਰੱਖਣ ਲਈ ਵਚਨਬੱਧ ਹੈ। ਵਿਦਿਆਰਥੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਜਾਰੀ ਕੀਤੀ ਗਈ ਡੇਟਸ਼ੀਟ ਅਨੁਸਾਰ ਆਪਣੀਆਂ ਤਿਆਰੀਆਂ ਦੀ ਯੋਜਨਾ ਬਣਾਉਣ।

ਪੰਜਾਬ • ਅੰਮ੍ਰਿਤਸਰ

ਅੰਮ੍ਰਿਤਸਰ 'ਚ ਵੱਡਾ ਹਥਿਆਰ ਤਸਕਰੀ ਨੈੱਟਵਰਕ ਬੇਨਕਾਬ, 14 ਵਿਦੇਸ਼ੀ ਪਿਸਤੌਲ ਬਰਾਮਦ; 6 ਤਸਕਰ ਗ੍ਰਿਫ਼ਤਾਰ

ਪੰਜਾਬ ਵਿੱਚ ਨਾਜਾਇਜ਼ ਅਸਲ੍ਹੇ ਦੀ ਤਸਕਰੀ ਅਤੇ ਸੰਗਠਿਤ ਅਪਰਾਧਿਕ ਨੈੱਟਵਰਕਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ ਦੋ ਗ਼ੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕਾਂ ਦਾ ਪਰਦਾਫ਼ਾਸ਼ ਕੀਤਾ ਹੈ। ਪੁਲਿਸ ਵੱਲੋਂ ਕੀਤੀ ਗਈ ਇਸ ਵਿਸ਼ੇਸ਼ ਕਾਰਵਾਈ ਦੌਰਾਨ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 14 ਅਤਿ-ਆਧੁਨਿਕ ਪਿਸਤੌਲ ਬਰਾਮਦ ਕੀਤੇ ਗਏ ਹਨ।

ਮੁੱਢਲੀ ਪੁਲਿਸ ਤਫ਼ਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ਾਂ ਵਿੱਚ ਬੈਠੇ ਆਪਣੇ ਹੈਂਡਲਰਾਂ ਨਾਲ ਸਿੱਧੇ ਸੰਪਰਕ ਵਿੱਚ ਸਨ। ਇਹ ਵਿਦੇਸ਼ੀ ਹੈਂਡਲਰ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫ਼ਾਰਮਾਂ ਦੀ ਵਰਤੋਂ ਕਰਕੇ ਮੁਲਜ਼ਮਾਂ ਨਾਲ ਗੱਲਬਾਤ ਕਰਦੇ ਸਨ ਅਤੇ ਉਨ੍ਹਾਂ ਨੂੰ ਗ਼ੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਨਾਲ ਸਬੰਧਤ ਦਿਸ਼ਾ-ਨਿਰਦੇਸ਼ ਦਿੰਦੇ ਸਨ। ਜਾਂਚ ਅਨੁਸਾਰ ਸਰਹੱਦ ਪਾਰੋਂ ਡਰੋਨਾਂ ਦੀ ਵਰਤੋਂ ਕਰਕੇ ਨਾਜਾਇਜ਼ ਹਥਿਆਰਾਂ ਦੀਆਂ ਖੇਪਾਂ ਭਾਰਤੀ ਖੇਤਰ ਵਿੱਚ ਪਹੁੰਚਾਈਆਂ ਜਾਂਦੀਆਂ ਸਨ। ਇਸ ਤੋਂ ਬਾਅਦ ਇਹ ਮੁਲਜ਼ਮ ਤੈਅ ਕੀਤੇ ਗਏ ਟਿਕਾਣਿਆਂ ਤੋਂ ਹਥਿਆਰਾਂ ਦੀ ਡਿਲੀਵਰੀ ਹਾਸਲ ਕਰਦੇ ਸਨ ਅਤੇ ਫਿਰ ਉਨ੍ਹਾਂ ਨੂੰ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਸ਼ਰਾਰਤੀ ਅਨਸਰਾਂ ਤੱਕ ਪਹੁੰਚਾਉਂਦੇ ਸਨ।

ਪੁਲਿਸ ਅਨੁਸਾਰ ਇਸ ਪੂਰੇ ਗਠਜੋੜ ਰਾਹੀਂ ਪੰਜਾਬ ਅੰਦਰ ਅਪਰਾਧਿਕ ਵਾਰਦਾਤਾਂ ਨੂੰ ਹੱਲਾਸ਼ੇਰੀ ਦੇਣ ਲਈ ਨਾਜਾਇਜ਼ ਹਥਿਆਰਾਂ ਦੀ ਵੱਡੇ ਪੱਧਰ 'ਤੇ ਸਪਲਾਈ ਕੀਤੀ ਜਾ ਰਹੀ ਸੀ। ਹਿਰਾਸਤ ਵਿੱਚ ਲਏ ਗਏ ਮੁਲਜ਼ਮਾਂ ਤੋਂ ਪੁੱਛਗਿੱਛ ਜਾਰੀ ਹੈ ਤਾਂ ਜੋ ਇਸ ਨੈੱਟਵਰਕ ਪਿੱਛੇ ਸਰਗਰਮ ਹੋਰ ਲੋਕਾਂ ਅਤੇ ਵਿਦੇਸ਼ੀ ਹੈਂਡਲਰਾਂ ਬਾਰੇ ਪੁਖ਼ਤਾ ਜਾਣਕਾਰੀ ਇਕੱਠੀ ਕੀਤੀ ਜਾ ਸਕੇ।

ਇਸ ਸੰਬੰਧ ਵਿੱਚ ਅੰਮ੍ਰਿਤਸਰ ਦੇ ਥਾਣਾ ਛੇਹਰਟਾ ਅਤੇ ਥਾਣਾ ਸਿਵਲ ਲਾਈਨਜ਼ ਵਿਖੇ ਦੋ ਵੱਖ-ਵੱਖ ਐਫ਼.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਪੁਲਿਸ ਹੁਣ ਮੁਲਜ਼ਮਾਂ ਦੇ ਮੋਬਾਈਲ ਅਤੇ ਸੋਸ਼ਲ ਮੀਡੀਆ ਸੰਪਰਕਾਂ, ਹਥਿਆਰਾਂ ਦੀ ਸਪਲਾਈ ਦੇ ਸਰੋਤਾਂ ਅਤੇ ਇਹ ਹਥਿਆਰ ਅੱਗੇ ਕਿਨ੍ਹਾਂ-ਕਿਨ੍ਹਾਂ ਗਰੋਹਾਂ ਜਾਂ ਵਿਅਕਤੀਆਂ ਤੱਕ ਪਹੁੰਚਾਏ ਜਾਣੇ ਸਨ, ਉਨ੍ਹਾਂ ਸਾਰੇ ਪਹਿਲੂਆਂ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ।

ਪੰਜਾਬ ਪੁਲਿਸ ਦੇ ਅਧਿਕਾਰੀਆਂ ਨੇ ਦੱਸਿਆ ਕਿ ਜਾਂਚ ਦਾ ਮੁੱਖ ਮਕਸਦ ਇਸ ਗ਼ੈਰ-ਕਾਨੂੰਨੀ ਧੰਦੇ ਨਾਲ ਜੁੜੇ ਹੋਰਨਾਂ ਮੁਲਜ਼ਮਾਂ ਦੀ ਸ਼ਨਾਖ਼ਤ ਕਰਨਾ, ਹਥਿਆਰਾਂ ਦੀ ਸਪਲਾਈ ਦੀ ਅਗਲੀ-ਪਿਛਲੀ ਕੜੀ ਦਾ ਪਤਾ ਲਗਾਉਣਾ ਅਤੇ ਨਾਜਾਇਜ਼ ਅਸਲ੍ਹਾ ਤਸਕਰੀ ਦੇ ਪੂਰੇ ਸਿਸਟਮ ਨੂੰ ਜੜ੍ਹੋਂ ਖ਼ਤਮ ਕਰਨਾ ਹੈ। ਪੰਜਾਬ ਪੁਲਿਸ ਨੇ ਇੱਕ ਵਾਰ ਫਿਰ ਸਪੱਸ਼ਟ ਕੀਤਾ ਹੈ ਕਿ ਸੂਬੇ ਵਿੱਚ ਸਰਗਰਮ ਸੰਗਠਿਤ ਅਪਰਾਧਿਕ ਗਿਰੋਹਾਂ ਖ਼ਿਲਾਫ਼ ਸਖ਼ਤ ਕਾਰਵਾਈ ਲਗਾਤਾਰ ਜਾਰੀ ਰਹੇਗੀ। ਸੂਬੇ ਅੰਦਰ ਗ਼ੈਰ-ਕਾਨੂੰਨੀ ਹਥਿਆਰਾਂ ਦੀ ਆਮਦ 'ਤੇ ਮੁਕੰਮਲ ਰੋਕ ਲਗਾਉਣ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਰੱਖਣ ਲਈ ਪੁਲਿਸ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ।

ਮਨੋਰੰਜਨ

ਸ਼ਾਹਰੁਖ ਖਾਨ ਦੀ ਫਿਲਮ 'ਓਮ ਸ਼ਾਂਤੀ ਓਮ 2' ਬਾਰੇ ਆਇਆ ਵੱਡਾ ਅਪਡੇਟ, ਕੀ 300 ਕਰੋੜ ਦੀ ਹੋਵੇਗੀ ਓਪਨਿੰਗ? ਲੇਖਕ ਨੇ ਦੱਸੀ ਪੂਰੀ ਗੱਲ

"ਸਾਡੀਆਂ ਯਾਦਾਂ ਵਿੱਚ ਕੁਝ ਚੀਜ਼ਾਂ ਆਪਣੇ ਆਪ ਹੀ ਖਾਸ ਬਣ ਜਾਂਦੀਆਂ ਹਨ। ਮੇਰੀ ਨਾਨੀ ਦੇ ਹੱਥਾਂ ਦੀ ਬਣੀ ਪੰਜੀਰੀ ਬਹੁਤ ਸੁਆਦੀ ਹੁੰਦੀ ਸੀ। ਉਹ ਕੋਈ ਮਾਪ-ਤੋਲ ਕਰਕੇ ਨਹੀਂ ਬਣਾਉਂਦੀ ਸੀ। ਮੁੱਠੀ ਭਰ ਕੇ ਆਟਾ ਪਾਉਂਦੀ ਸੀ ਅਤੇ ਫਿਰ ਉਸ ਵਿੱਚ ਘਿਓ ਤੇ ਖੰਡ ਆਪਣੇ ਹੱਥਾਂ ਨਾਲ ਪਾ ਦਿੰਦੀ ਸੀ।

ਸ਼ਾਹਰੁਖ ਖਾਨ ਦੀ ਫਿਲਮ 'ਓਮ ਸ਼ਾਂਤੀ ਓਮ 2' ਬਾਰੇ ਆਇਆ ਵੱਡਾ ਅਪਡੇਟ, ਕੀ 300 ਕਰੋੜ ਦੀ ਹੋਵੇਗੀ ਓਪਨਿੰਗ? ਲੇਖਕ ਨੇ ਦੱਸੀ ਪੂਰੀ ਗੱਲ (ਜਾਰੀ)

ਐਂਟਰਟੇਨਮੈਂਟ ਡੈਸਕ, ਨਵੀਂ ਦਿੱਲੀ: ਸ਼ਾਹਰੁਖ ਖਾਨ ਅਤੇ ਦੀਪਿਕਾ ਪਾਦੂਕੋਣ ਦੀ ਫਿਲਮ 'ਓਮ ਸ਼ਾਂਤੀ ਓਮ' 9 ਨਵੰਬਰ 2007 ਨੂੰ ਰਿਲੀਜ਼ ਹੋਈ ਸੀ। ਇਸ ਫਿਲਮ ਨੂੰ ਰਿਲੀਜ਼ ਹੋਏ 19 ਸਾਲ ਪੂਰੇ ਹੋ ਚੁੱਕੇ ਹਨ। ਇਹ ਭਾਰਤੀ ਸਿਨੇਮਾ ਦੀਆਂ ਸਭ ਤੋਂ ਯਾਦਗਾਰ ਫਿਲਮਾਂ ਵਿੱਚੋਂ ਇੱਕ ਹੈ।

ਫਿਲਮ ਦੇ 19 ਸਾਲ ਪੂਰੇ ਹੋਣ ਦੇ ਨਾਲ ਹੀ ਇਸ ਦੇ ਸੀਕਵਲ ਨੂੰ ਲੈ ਕੇ ਪ੍ਰਸ਼ੰਸਕਾਂ ਵਿੱਚ ਚਰਚਾ ਅਤੇ ਉਤਸੁਕਤਾ ਹੋਰ ਵੀ ਵਧ ਗਈ ਹੈ। ਹਾਲਾਂਕਿ, ਨਿਰਦੇਸ਼ਕ ਫਰਾਹ ਖਾਨ ਨੇ ਅਜੇ ਤੱਕ 'ਓਮ ਸ਼ਾਂਤੀ ਓਮ 2' ਬਾਰੇ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਹੈ ਪਰ ਫਿਲਮ ਦੇ ਲੇਖਕ ਮਯੂਰ ਪੁਰੀ ਨੇ ਹਾਲ ਹੀ ਵਿੱਚ ਇਸ ਦੀ ਕਹਾਣੀ ਨੂੰ ਅੱਗੇ ਵਧਾਉਣ ਦੀ ਸੰਭਾਵਨਾ ਬਾਰੇ ਗੱਲ ਕੀਤੀ ਹੈ। ਜ਼ੂਮ ਨਾਲ ਗੱਲਬਾਤ ਦੌਰਾਨ ਮਯੂਰ ਪੁਰੀ ਨੇ ਕਿਹਾ ਕਿ 'ਓਮ ਸ਼ਾਂਤੀ ਓਮ 2' ਸ਼ਾਹਰੁਖ ਖਾਨ, ਫਰਾਹ ਖਾਨ ਅਤੇ ਫਿਲਮ ਦੇ ਨਿਰਮਾਤਾਵਾਂ ਲਈ ਇੱਕ ਫਾਇਦੇਮੰਦ ਪ੍ਰੋਜੈਕਟ ਸਾਬਤ ਹੋ ਸਕਦੀ ਹੈ ਪਰ ਉਹ ਖੁਦ ਇਸ ਨੂੰ ਬਣਾਉਣ ਤੋਂ ਡਰਨਗੇ।

ਮਯੂਰ ਪੁਰੀ ਨੇ ਕਿਹਾ, "ਜੇਕਰ 'ਓਮ ਸ਼ਾਂਤੀ ਓਮ' ਦਾ ਸੀਕਵਲ ਬਣਦਾ ਹੈ ਤਾਂ ਬਾਕੀ 100 ਕਰੋੜ ਰੁਪਏ ਦੀਆਂ ਕਮਾਈ ਦੇ ਰਿਕਾਰਡਾਂ ਨੂੰ ਭੁੱਲ ਜਾਓ। ਇਹ 300 ਕਰੋੜ ਰੁਪਏ ਦੀ ਫਿਲਮ ਹੋਵੇਗੀ ਅਤੇ ਇਸ ਦੀ ਓਪਨਿੰਗ ਵੀ ਸ਼ਾਨਦਾਰ ਹੋਵੇਗੀ। ਕਾਰੋਬਾਰ ਦੇ ਨਜ਼ਰੀਏ ਤੋਂ ਸ਼ਾਹਰੁਖ ਖਾਨ ਵੱਲੋਂ ਇਸ ਫਿਲਮ ਨੂੰ ਬਣਾਉਣਾ ਅਤੇ ਫਰਾਹ ਖਾਨ ਵੱਲੋਂ ਇਸ ਦਾ ਨਿਰਦੇਸ਼ਨ ਕਰਨਾ ਬਿਲਕੁਲ ਸਹੀ ਫੈਸਲਾ ਹੋਵੇਗਾ। ਪਰ ਮੈਂ ਖੁਦ ਅਜਿਹਾ ਕਰਨ ਤੋਂ ਬਹੁਤ ਡਰਾਂਗਾ।" ਮਯੂਰ ਪੁਰੀ ਨੇ ਦੱਸਿਆ ਕਿ ਇਸ ਫਿਲਮ ਨੂੰ ਦੁਬਾਰਾ ਉਸੇ ਤਰ੍ਹਾਂ ਨਹੀਂ ਬਣਾਇਆ ਜਾ ਸਕਦਾ। ਉਨ੍ਹਾਂ ਨੇ ਇਸ ਦੀ ਤੁਲਨਾ ਦਾਦੀ-ਨਾਨੀ ਦੇ ਹੱਥਾਂ ਨਾਲ ਬਣਨ ਵਾਲੀ ਖਾਸ ਰੈਸਿਪੀ ਨਾਲ ਕੀਤੀ।

ਉਨ੍ਹਾਂ ਕਿਹਾ, "ਸਾਡੀਆਂ ਯਾਦਾਂ ਵਿੱਚ ਕੁਝ ਚੀਜ਼ਾਂ ਆਪਣੇ ਆਪ ਹੀ ਖਾਸ ਬਣ ਜਾਂਦੀਆਂ ਹਨ। ਮੇਰੀ ਨਾਨੀ ਦੇ ਹੱਥਾਂ ਦੀ ਬਣੀ ਪੰਜੀਰੀ ਬਹੁਤ ਸੁਆਦੀ ਹੁੰਦੀ ਸੀ। ਉਹ ਕੋਈ ਮਾਪ-ਤੋਲ ਕਰਕੇ ਨਹੀਂ ਬਣਾਉਂਦੀ ਸੀ। ਮੁੱਠੀ ਭਰ ਕੇ ਆਟਾ ਪਾਉਂਦੀ ਸੀ ਅਤੇ ਫਿਰ ਉਸ ਵਿੱਚ ਘਿਓ ਤੇ ਖੰਡ ਆਪਣੇ ਹੱਥਾਂ ਨਾਲ ਪਾ ਦਿੰਦੀ ਸੀ। ਉਹ ਪੰਜੀਰੀ ਬਹੁਤ ਸ਼ਾਨਦਾਰ ਬਣਦੀ ਸੀ। ਜੇਕਰ ਤੁਸੀਂ ਇਹੀ ਰੈਸਿਪੀ ਕਿਸੇ ਪੰਜ ਤਾਰਾ ਹੋਟਲ ਦੇ ਸ਼ੈੱਫ ਨੂੰ ਦੇ ਦਿਓ ਅਤੇ ਉਹ ਉਸੇ ਤਰੀਕੇ ਨਾਲ ਬਣਾਉਣ ਦੀ ਕੋਸ਼ਿਸ਼ ਕਰੇ ਤਾਂ ਵੀ ਉਹੋ ਜਿਹਾ ਸੁਆਦ ਨਹੀਂ ਆ ਸਕੇਗਾ। 'ਓਮ ਸ਼ਾਂਤੀ ਓਮ' ਵੀ ਮੇਰੀ ਨਾਨੀ ਦੇ ਹੱਥਾਂ ਦੀ ਬਣੀ ਉਸੇ ਪੰਜੀਰੀ ਵਰਗੀ ਹੈ। ਮੈਨੂੰ ਨਹੀਂ ਲੱਗਦਾ ਕਿ ਇਸ ਨੂੰ ਦੁਬਾਰਾ ਉਸੇ ਤਰ੍ਹਾਂ ਬਣਾਇਆ ਜਾ ਸਕਦਾ ਹੈ।" ਮਯੂਰ ਪੁਰੀ ਨੇ ਇਹ ਵੀ ਕਿਹਾ ਕਿ 'ਓਮ ਸ਼ਾਂਤੀ ਓਮ' ਦਾ ਸੀਕਵਲ ਅਸਲੀ ਫਿਲਮ ਦੇ ਕਾਫ਼ੀ ਕਰੀਬ ਹੋਵੇਗਾ ਅਤੇ ਫਿਲਮ ਨਿਰਮਾਤਾ ਯਕੀਨੀ ਤੌਰ 'ਤੇ ਇੱਕ ਮਨੋਰੰਜਕ ਫਿਲਮ ਬਣਾਉਣਗੇ।

ਹਾਲਾਂਕਿ, ਉਨ੍ਹਾਂ ਨੇ ਦਰਸ਼ਕਾਂ ਨੂੰ ਖਾਸ ਅਪੀਲ ਕੀਤੀ ਕਿ ਜੇਕਰ ਕਦੇ ਇਸ ਫਿਲਮ ਦਾ ਸੀਕਵਲ ਬਣਦਾ ਹੈ ਤਾਂ ਉਸ ਦੀ ਤੁਲਨਾ ਅਸਲੀ ਫਿਲਮ ਨਾਲ ਨਾ ਕੀਤੀ ਜਾਵੇ। ਮਯੂਰ ਪੁਰੀ ਨੇ ਕਿਹਾ ਕਿ ਦਰਸ਼ਕਾਂ ਨੂੰ 'ਓਮ ਸ਼ਾਂਤੀ ਓਮ' ਦੀ ਦੁਨੀਆ ਦਾ ਇੱਕ ਨਵਾਂ ਵਿਸਥਾਰ ਦੇਖਣ ਨੂੰ ਮਿਲੇਗਾ। ਉਨ੍ਹਾਂ ਅੱਗੇ ਕਿਹਾ, "ਸ਼ੋਲੇ ਵਰਗੀ ਫਿਲਮ ਦੁਬਾਰਾ ਨਹੀਂ ਬਣ ਸਕਦੀ। ਇਤਿਹਾਸ ਗਵਾਹ ਹੈ ਕਿ ਕੁਝ ਚੀਜ਼ਾਂ ਦੂਜੀ ਵਾਰ ਉਸੇ ਤਰ੍ਹਾਂ ਨਹੀਂ ਬਣਾਈਆਂ ਜਾ ਸਕਦੀਆਂ।"

ਪੰਜਾਬ

1600 ਕਰੋੜ 'ਤੇ ਭਖੀ ਸਿਆਸਤ, ਨਾਇਬ ਸੈਣੀ ਬੋਲੇ-ਕੇਂਦਰ ਨੇ ਦਿੱਤਾ ਸੀ ਹੜ੍ਹ ਦਾ ਮੁਆਵਜ਼ਾ; ਆਪ ਦਾ ਪਲਟਵਾਰ- ਸਿਰਫ ਕੀਤਾ ਗੁਮਰਾਹ

ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਨੂੰ ਪਿਛਲੇ ਸਾਲ ਕੇਂਦਰ ਵੱਲੋਂ ਜਾਰੀ ਕੀਤੇ ਗਏ ਹੜ੍ਹ ਰਾਹਤ ਫੰਡਾਂ ਦਾ ਮੁੱਦਾ ਚੁੱਕ ਕੇ ਸਿਆਸੀ ਤਪਸ਼ ਵਧਾ ਦਿੱਤੀ ਹੈ। ਇਸ ਸੰਵੇਦਨਸ਼ੀਲ ਮੁੱਦੇ 'ਤੇ ਉਨ੍ਹਾਂ ਨੇ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਸਿੱਧਾ ਨਿਸ਼ਾਨਾ ਸਾਧਿਆ ਹੈ।

ਜ਼ਿਕਰਯੋਗ ਹੈ ਕਿ ਹਾਲ ਹੀ ਵਿੱਚ ਹਰਿਆਣਾ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਤਹਿਤ ਲਾਭਪਾਤਰੀਆਂ ਨੂੰ ਡੀਬੀਟੀ (ਸਿੱਧੀ ਲਾਭ ਤਬਦੀਲੀ) ਰਾਹੀਂ ਰਾਸ਼ੀ ਟਰਾਂਸਫਰ ਕਰਨ ਦੇ ਇੱਕ ਸਮਾਗਮ ਦੌਰਾਨ ਮੁੱਖ ਮੰਤਰੀ ਸੈਣੀ ਨੇ ਇਸ ਮੁੱਦੇ ਨੂੰ ਹਵਾ ਦਿੱਤੀ ਸੀ। ਉਨ੍ਹਾਂ ਦਾਅਵਾ ਕੀਤਾ ਸੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਿਛਲੇ ਸਾਲ ਹੜ੍ਹਾਂ ਦੀ ਮਾਰ ਦੌਰਾਨ ਪੰਜਾਬ ਲਈ 1600 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ ਸੀ, ਪਰ ਪੰਜਾਬ ਸਰਕਾਰ ਅੱਜ ਵੀ ਕੇਂਦਰ ਤੋਂ ਫੰਡ ਨਾ ਮਿਲਣ ਦਾ ਰੋਣਾ ਰੋ ਰਹੀ ਹੈ, ਜਦਕਿ ਹਕੀਕਤ ਇਹ ਹੈ ਕਿ ਇਸ ਰਾਸ਼ੀ ਨੂੰ ਹੋਰਨਾਂ ਕੰਮਾਂ ਵਿੱਚ ਵਰਤ ਲਿਆ ਗਿਆ ਹੈ।

ਸੈਣੀ ਨੇ ਇਹ ਵੀ ਦਾਅਵਾ ਕੀਤਾ ਕਿ ਪੰਜਾਬ ਦੌਰੇ ਦੌਰਾਨ ਸਥਾਨਕ ਕਿਸਾਨਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਵੱਡੀ ਗਿਣਤੀ ਵਿੱਚ ਪੀੜਤ ਲੋਕ ਅਜੇ ਤੱਕ ਮੁਆਵਜ਼ੇ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਤੋਂ ਭੱਜਣ ਅਤੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਢੁਕਵਾਂ ਮੁਆਵਜ਼ਾ ਨਾ ਦੇਣ ਦੇ ਦੋਸ਼ ਲਾਏ।

ਹਰਿਆਣਾ ਦੇ ਮੁੱਖ ਮੰਤਰੀ ਦੇ ਇਲਜ਼ਾਮਾਂ ਦਾ ਜਵਾਬ ਦਿੰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹੜ੍ਹ ਰਾਹਤ ਪੈਕੇਜ ਦੇ ਨਾਂ 'ਤੇ ਕੇਂਦਰ ਸਰਕਾਰ ਨੇ ਸਿਰਫ਼ ਲੋਕਾਂ ਨੂੰ ਗੁਮਰਾਹ ਕਰਨ ਦਾ ਕੰਮ ਕੀਤਾ ਹੈ।





1600 ਕਰੋੜ 'ਤੇ ਭਖੀ ਸਿਆਸਤ, ਨਾਇਬ ਸੈਣੀ ਬੋਲੇ-ਕੇਂਦਰ ਨੇ ਦਿੱਤਾ ਸੀ ਹੜ੍ਹ ਦਾ ਮੁਆਵਜ਼ਾ;

1600 ਕਰੋੜ 'ਤੇ ਭਖੀ ਸਿਆਸਤ, ਨਾਇਬ ਸੈਣੀ ਬੋਲੇ-ਕੇਂਦਰ ਨੇ ਦਿੱਤਾ ਸੀ ਹੜ੍ਹ ਦਾ ਮੁਆਵਜ਼ਾ; ਆਪ ਦਾ ਪਲਟਵਾਰ- ਸਿਰਫ ਕੀਤਾ ਗੁਮਰਾਹ (ਜਾਰੀ)

ਚੀਮਾ ਨੇ ਸਪੱਸ਼ਟ ਕੀਤਾ ਕਿ ਕੇਂਦਰ ਸਰਕਾਰ ਜਿਨ੍ਹਾਂ ਨਿਯਮਤ ਸਕੀਮਾਂ ਦੀ ਵੰਡ ਨੂੰ ਵਿਸ਼ੇਸ਼ ਰਾਹਤ ਰਾਸ਼ੀ ਦੱਸ ਰਹੀ ਹੈ, ਉਹ ਫੰਡ ਹੜ੍ਹ ਨਾ ਆਉਣ ਦੀ ਸੂਰਤ ਵਿੱਚ ਵੀ ਨਿਯਮਾਂ ਅਨੁਸਾਰ ਰਾਜ ਨੂੰ ਮਿਲਣੇ ਹੀ ਸਨ।

ਵਿੱਤ ਮੰਤਰੀ ਨੇ ਖ਼ੁਲਾਸਾ ਕੀਤਾ ਕਿ ਕੇਂਦਰ ਵੱਲੋਂ ਪ੍ਰਾਪਤ ਹੋਈ 240 ਕਰੋੜ ਰੁਪਏ ਦੀ ਰਕਮ ਐੱਸ.ਡੀ.ਆਰ.ਐੱਫ਼. (ਸਟੇਟ ਡਿਜ਼ਾਸਟਰ ਰਿਸਪਾਂਸ ਫੰਡ) ਦੀ ਰੁਟੀਨ ਕਿਸ਼ਤ ਸੀ, ਨਾ ਕਿ ਕੋਈ ਵੱਖਰਾ ਵਿਸ਼ੇਸ਼ ਰਾਹਤ ਪੈਕੇਜ। ਉਨ੍ਹਾਂ ਕਿਹਾ ਕਿ 1600 ਕਰੋੜ ਰੁਪਏ ਦੇ ਐਲਾਨ ਦਾ ਪ੍ਰਚਾਰ ਸੂਬੇ ਦੇ ਹੋਏ ਵਿਆਪਕ ਨੁਕਸਾਨ ਦੇ ਮੁਕਾਬਲੇ ਬਹੁਤ ਹੀ ਤੁੱਛ ਹੈ। ਚੀਮਾ ਅਨੁਸਾਰ ਪੰਜਾਬ ਸਰਕਾਰ ਨੇ ਕੇਂਦਰ ਤੋਂ 20 ਹਜ਼ਾਰ ਕਰੋੜ ਰੁਪਏ ਦੇ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਸੀ। ਉਨ੍ਹਾਂ ਨੇ ਮੁੱਖ ਮੰਤਰੀ ਸੈਣੀ ਨੂੰ ਨਸੀਹਤ ਦਿੱਤੀ ਕਿ ਉਹ ਪੰਜਾਬ ਬਾਰੇ ਬੋਲਣ ਤੋਂ ਪਹਿਲਾਂ ਹਰਿਆਣਾ ਦੇ ਲੋਕਾਂ ਨਾਲ ਜੁੜੇ ਮੁੱਦਿਆਂ 'ਤੇ ਧਿਆਨ ਦੇਣ।

ਇਸ ਦੌਰਾਨ ਆਮ ਆਦਮੀ ਪਾਰਟੀ ਦੇ ਕੌਮੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਨੇ ਵੀ ਹਰਿਆਣਾ ਦੇ ਮੁੱਖ ਮੰਤਰੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਨਾਇਬ ਸਿੰਘ ਸੈਣੀ ਦੇ ਬਿਆਨ ਜ਼ਮੀਨੀ ਤੱਥਾਂ ਤੋਂ ਕੋਹਾਂ ਦੂਰ ਹਨ। ਢਾਂਡਾ ਨੇ ਕਿਹਾ ਕਿ ਸੈਣੀ ਵਿਕਾਸ ਮਾਡਲ ਦੇ ਝੂਠੇ ਦਾਅਵੇ ਕਰਕੇ ਲੋਕਾਂ ਨੂੰ ਭਰਮਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜਦਕਿ ਉਨ੍ਹਾਂ ਨੂੰ ਆਪਣੀ ਸਰਕਾਰ ਦੀਆਂ ਨਾਕਾਮੀਆਂ ਅਤੇ ਘੁਟਾਲੇ ਨਜ਼ਰ ਨਹੀਂ ਆ ਰਹੇ। ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਆਪਣੇ ਹੀ ਸੂਬੇ ਵਿੱਚ ਪ੍ਰਭਾਵਿਤ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਨਹੀਂ ਦੇ ਸਕੀ, ਉਸ ਨੂੰ ਦੂਜੇ ਰਾਜਾਂ ਨੂੰ ਨਸੀਹਤਾਂ ਦੇਣ ਦਾ ਕੋਈ ਨੈਤਿਕ ਹੱਕ ਨਹੀਂ ਹੈ। ਢਾਂਡਾ ਨੇ ਦੋਸ਼ ਲਾਇਆ ਕਿ ਦਿੱਲੀ ਵਿੱਚ ਮੌਜੂਦਾ ਭਾਜਪਾ ਪ੍ਰਸ਼ਾਸਨ ਨੇ ਮੁਹੱਲਾ ਕਲੀਨਿਕਾਂ ਦੀਆਂ ਸਹੂਲਤਾਂ ਠੱਪ ਕਰ ਦਿੱਤੀਆਂ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਹਰਿਆਣਾ ਸਿਰ ਲਗਾਤਾਰ ਵੱਧ ਰਹੇ ਕਰਜ਼ੇ ਦੇ ਬੋਝ ਨੂੰ ਲੈ ਕੇ ਵੀ ਮੁੱਖ ਮੰਤਰੀ ਸੈਣੀ ਕੋਲੋਂ ਜਵਾਬ ਮੰਗਿਆ।

ਪੰਜਾਬ

6 ਮਹੀਨਿਆਂ 'ਚ ਵਿਦੇਸ਼ਾਂ ਤੋਂ 17 ਗੈਂਗਸਟਰ ਡਿਪੋਰਟ, ਮਾਨ ਸਰਕਾਰ ਨੇ ਦੁਹਰਾਇਆ ਪੰਜਾਬ ਨੂੰ ਅਪਰਾਧ-ਮੁਕਤ ਬਣਾਉਣ ਦਾ ਟੀਚਾ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਰੜੀ ਚਿਤਾਵਨੀ ਦਿੰਦਿਆਂ ਸਪੱਸ਼ਟ ਕੀਤਾ ਹੈ ਕਿ ਉਹ ਦੁਨੀਆ ਦੇ ਕਿਸੇ ਵੀ ਖਿੱਤੇ ਵਿੱਚ ਭੱਜ ਜਾਣ ਜਾਂ ਲੁਕ ਜਾਣ, ਉਨ੍ਹਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਇਨਸਾਫ਼ ਦੇ ਸਾਹਮਣੇ ਲਿਆਂਦਾ ਜਾਵੇਗਾ।

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਕ ਪ੍ਰੈੱਸ ਕਾਨਫ਼ਰੰਸ ਦੌਰਾਨ ਦੱਸਿਆ ਕਿ ਸੂਬੇ ਵਿੱਚ ਚੱਲ ਰਹੀ ਵਿਸ਼ੇਸ਼ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਤਹਿਤ ਪੰਜਾਬ ਪੁਲਿਸ ਨੇ ਹੁਣ ਤੱਕ 1.61 ਲੱਖ ਤੋਂ ਵੱਧ ਛਾਪੇਮਾਰੀਆਂ ਕੀਤੀਆਂ ਹਨ ਅਤੇ 2,162 ਭਗੌੜਿਆਂ ਨੂੰ ਸਲਾਖ਼ਾਂ ਪਿੱਛੇ ਪਹੁੰਚਾਇਆ ਹੈ। ਇਸ ਮੁਹਿੰਮ ਦੀ ਸਭ ਤੋਂ ਤਾਜ਼ਾ ਅਤੇ ਵੱਡੀ ਕਾਮਯਾਬੀ ਇਥੋਪੀਆ ਤੋਂ 5 ਲੱਖ ਰੁਪਏ ਦੇ ਇਨਾਮੀ ਅਤੇ 30 ਤੋਂ ਵੱਧ ਸੰਗੀਨ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਗੈਂਗਸਟਰ ਗੁਰਵਿੰਦਰ ਸਿੰਘ ਉਰਫ਼ ਅਫ਼ਰੀਦੀ ਨੂੰ ਡਿਪੋਰਟ ਕਰਵਾ ਕੇ ਭਾਰਤ ਲਿਆਉਣਾ ਹੈ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੇ ਗੈਂਗਸਟਰਾਂ ਅਤੇ ਅਪਰਾਧੀਆਂ ਵਿਰੁੱਧ ਇੱਕ ਬੇਮਿਸਾਲ ਅਤੇ ਇਤਿਹਾਸਕ ਮੁਹਿੰਮ ਵਿੱਢੀ ਹੋਈ ਹੈ। ਪੰਜਾਬ ਪੁਲਿਸ ਨੇ ਉਨ੍ਹਾਂ ਭਗੌੜਿਆਂ ਦਾ ਸੁਰਾਗ ਲਗਾ ਕੇ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ, ਜੋ ਕਾਨੂੰਨ ਤੋਂ ਬਚਣ ਲਈ ਵਿਦੇਸ਼ੀ ਧਰਤੀ 'ਤੇ ਜਾ ਲੁਕੇ ਸਨ। 20 ਜਨਵਰੀ ਤੋਂ 7 ਨਵੰਬਰ 2026 ਦਰਮਿਆਨ ਪੰਜਾਬ ਪੁਲਿਸ ਵੱਲੋਂ 1,61,266 ਛਾਪੇ ਮਾਰੇ ਗਏ ਅਤੇ ਲਗਭਗ 2,162 ਭਗੌੜੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਉਨ੍ਹਾਂ ਅੱਗੇ ਕਿਹਾ ਕਿ 'ਆਪ' ਸਰਕਾਰ ਦੇ ਸੱਤਾ ਸੰਭਾਲਦਿਆਂ ਹੀ ਗੈਂਗਸਟਰ ਵਿਰੋਧੀ ਠੋਸ ਨੀਤੀ ਅਮਲ ਵਿੱਚ ਲਿਆਂਦੀ ਗਈ ਸੀ। ਪੰਜਾਬ ਸਰਕਾਰ ਨੇ ਪੁਲਿਸ ਪ੍ਰਸ਼ਾਸਨ ਨੂੰ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਅਪਰਾਧੀਆਂ ਖ਼ਿਲਾਫ਼ ਬਿਨਾਂ ਕਿਸੇ ਲਿਹਾਜ਼ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ, ਚਾਹੇ ਉਹ ਕਿਸੇ ਵੀ ਦੇਸ਼ ਵਿੱਚ ਬੈਠ ਕੇ ਕਾਰਵਾਈਆਂ ਨੂੰ ਅੰਜਾਮ ਦੇ ਰਹੇ ਹੋਣ।

ਹਰਪਾਲ ਸਿੰਘ ਚੀਮਾ ਨੇ ਪੁਲਿਸ ਕਾਰਵਾਈਆਂ ਦੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਪੁਲਿਸ ਵੱਖ-ਵੱਖ ਦੇਸ਼ਾਂ ਵਿੱਚੋਂ ਕਈ ਖ਼ਤਰਨਾਕ ਗੈਂਗਸਟਰਾਂ ਨੂੰ ਕਾਨੂੰਨੀ ਪ੍ਰਕਿਰਿਆ ਰਾਹੀਂ ਸਫ਼ਲਤਾਪੂਰਵਕ ਭਾਰਤ ਵਾਪਸ ਲਿਆਈ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ ਹਾਂਗਕਾਂਗ ਤੋਂ ਰਮਨਜੀਤ ਸਿੰਘ ਰੋਮੀ, ਜਰਮਨੀ ਤੋਂ ਪ੍ਰਭਪ੍ਰੀਤ ਸਿੰਘ, ਯੂ.ਏ.ਈ. ਤੋਂ ਪਰਮਿੰਦਰ ਸਿੰਘ ਪਿੰਡੀ, ਇੰਡੋਨੇਸ਼ੀਆ ਤੋਂ ਸੱਜਣ ਮਹੇਸ਼ ਅਤੇ ਸੁਖਦੇਵ ਕੁਮਾਰ ਮਨੀਸ਼ ਬੈਦੀ, ਪਵਨਦੀਪ ਸਿੰਘ ਤੇ ਜਸਪ੍ਰੀਤ ਸਿੰਘ ਅਤੇ ਕੈਨੇਡਾ ਤੋਂ ਕਰਮਬੀਰ ਸਿੰਘ ਦਿਓਲ ਨੂੰ ਡਿਪੋਰਟ ਕਰਵਾਇਆ ਗਿਆ ਹੈ। ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਾਰੇ ਆਪਰੇਸ਼ਨ ਸਾਬਤ ਕਰਦੇ ਹਨ ਕਿ ਸਾਡੀ ਪੁਲਿਸ ਫ਼ੋਰਸ ਭੂਗੋਲਿਕ ਸੀਮਾਵਾਂ ਤੋਂ ਪਾਰ ਜਾ ਕੇ ਵੀ ਅਪਰਾਧੀਆਂ ਦੀ ਪੈੜ ਨੱਪਣ ਦਾ ਪੱਕਾ ਇਰਾਦਾ ਅਤੇ ਸਮਰੱਥਾ ਰੱਖਦੀ ਹੈ।

ਪੰਜਾਬ ਪੁਲਿਸ ਨੂੰ 7 ਨਵੰਬਰ 2026 ਨੂੰ ਇੱਕ ਹੋਰ ਵੱਡੀ ਕਾਮਯਾਬੀ ਮਿਲੀ ਜਦੋਂ ਗੈਂਗਸਟਰ ਗੁਰਵਿੰਦਰ ਸਿੰਘ ਉਰਫ਼ ਅਫ਼ਰੀਦੀ ਨੂੰ

6 ਮਹੀਨਿਆਂ 'ਚ ਵਿਦੇਸ਼ਾਂ ਤੋਂ 17 ਗੈਂਗਸਟਰ ਡਿਪੋਰਟ, ਮਾਨ ਸਰਕਾਰ ਨੇ ਦੁਹਰਾਇਆ ਪੰਜਾਬ ਨੂੰ ਅਪਰਾਧ-ਮੁਕਤ ਬਣਾਉਣ ਦਾ ਟੀਚਾ (ਜਾਰੀ)

ਇਥੋਪੀਆ ਤੋਂ ਸਫ਼ਲਤਾਪੂਰਵਕ ਡਿਪੋਰਟ ਕਰਵਾਇਆ ਗਿਆ। ਅਫ਼ਰੀਦੀ ਇੱਕ ਸੰਗਠਿਤ ਗੈਂਗ ਦਾ ਸਰਗਨਾ ਸੀ ਅਤੇ ਉਸ ਖ਼ਿਲਾਫ਼ 30 ਤੋਂ ਵੱਧ ਗੰਭੀਰ ਮੁਕੱਦਮੇ ਦਰਜ ਹਨ। ਉਸ ਦੇ ਸਿਰ 'ਤੇ 5 ਲੱਖ ਰੁਪਏ ਦਾ ਨਕਦ ਇਨਾਮ ਐਲਾਨਿਆ ਹੋਇਆ ਸੀ। ਉਸ ਨੇ ਉੱਤਰ ਪ੍ਰਦੇਸ਼ ਤੋਂ ਜਾਅਲੀ ਪਾਸਪੋਰਟ ਬਣਵਾਇਆ ਸੀ, ਜਿਸ ਤੋਂ ਬਾਅਦ ਉਹ ਪਹਿਲਾਂ ਯੂ.ਏ.ਈ. ਅਤੇ ਫਿਰ ਇਥੋਪੀਆ ਭੱਜ ਗਿਆ ਸੀ। ਪੰਜਾਬ ਪੁਲਿਸ ਨੇ ਸੁਚੱਜੀ ਕਾਰਵਾਈ ਸਦਕਾ ਉਸ ਦੀ ਡਿਪੋਰਟੇਸ਼ਨ ਯਕੀਨੀ ਬਣਾਈ ਅਤੇ ਉਸ ਨੂੰ ਕਾਨੂੰਨ ਦੇ ਸਾਹਮਣੇ ਪੇਸ਼ ਕਰਨ ਲਈ ਭਾਰਤ ਵਾਪਸ ਲਿਆਂਦਾ।

ਹਰਪਾਲ ਸਿੰਘ ਚੀਮਾ ਨੇ ਖ਼ੁਲਾਸਾ ਕੀਤਾ ਕਿ ਗੁਰਵਿੰਦਰ ਸਿੰਘ ਉਰਫ਼ ਅਫ਼ਰੀਦੀ ਪੰਜਾਬ ਵਿੱਚ ਦਰਜ ਕਈ ਸੰਗੀਨ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਰਿਹਾ ਹੈ, ਜਿਨ੍ਹਾਂ ਵਿੱਚ ਸਰਪੰਚ ਰਾਜਵਿੰਦਰ ਸਿੰਘ, 12 ਸਾਲਾ ਮਾਸੂਮ ਬੱਚੇ ਗੁਰਸੇਵਕ ਸਿੰਘ, ਜਸਵੰਤ ਸਿੰਘ ਅਤੇ ਕਾਂਗਰਸ ਬਲਾਕ ਪ੍ਰਧਾਨ ਗੁਰਮੇਲ ਸਿੰਘ ਦੇ ਕਤਲ ਸ਼ਾਮਲ ਹਨ। ਸਾਡੀ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਅਜਿਹੇ ਵਹਿਸ਼ੀ ਅਪਰਾਧਾਂ ਦੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲੇ।

ਪ੍ਰੈੱਸ ਕਾਨਫ਼ਰੰਸ ਦੌਰਾਨ ਚੀਮਾ ਨੇ ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਸਵਾਲ ਚੁੱਕਿਆ ਕਿ ਗੁਰਵਿੰਦਰ ਸਿੰਘ ਉਰਫ਼ ਅਫ਼ਰੀਦੀ ਵਰਗੇ ਖ਼ਤਰਨਾਕ ਗੈਂਗਸਟਰ ਨੇ ਭਾਜਪਾ ਸ਼ਾਸਿਤ ਸੂਬੇ ਉੱਤਰ ਪ੍ਰਦੇਸ਼ ਵਿੱਚੋਂ ਜਾਅਲੀ ਪਾਸਪੋਰਟ ਕਿਵੇਂ ਹਾਸਲ ਕਰ ਲਿਆ? ਭਾਜਪਾ ਨੂੰ ਇਸ ਗੱਲ ਦਾ ਜਵਾਬ ਦੇਣਾ ਚਾਹੀਦਾ ਹੈ ਕਿ ਅਜਿਹੇ ਅਪਰਾਧੀ ਉਨ੍ਹਾਂ ਸੂਬਿਆਂ ਵਿੱਚੋਂ ਕਿਵੇਂ ਸਰਗਰਮ ਹਨ ਜਿੱਥੇ ਉਸ ਦੀਆਂ ਸਰਕਾਰਾਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਵੱਲੋਂ ਵਿਰੋਧੀ ਧਿਰਾਂ ਦੇ ਸ਼ਾਸਨ ਵਾਲੇ ਰਾਜਾਂ ਵਿੱਚ ਲੋਕਾਂ ਵਿੱਚ ਦਹਿਸ਼ਤ ਫੈਲਾਉਣ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਢਾਹ ਲਾਉਣ ਲਈ ਗੈਂਗਸਟਰਾਂ ਦੀ ਵਰਤੋਂ ਕੀਤੀ ਜਾ ਰਹੀ ਹੈ।

ਕੈਬਨਿਟ ਮੰਤਰੀ ਨੇ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਮਾਮਲੇ 'ਤੇ ਵੀ ਗੰਭੀਰ ਸਵਾਲ ਖੜ੍ਹੇ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਗੈਂਗਸਟਰਾਂ ਨੂੰ ਸਿਆਸੀ ਸਰਪ੍ਰਸਤੀ ਦਿੱਤੀ ਜਾ ਰਹੀ ਹੈ ਅਤੇ ਵਿਰੋਧੀ ਧਿਰਾਂ ਦੇ ਸ਼ਾਸਨ ਵਾਲੇ ਸੂਬਿਆਂ ਵਿੱਚ ਸਿਆਸੀ ਵਿਰੋਧੀਆਂ ਨੂੰ ਡਰਾਉਣ-ਧਮਕਾਉਣ ਲਈ ਜੇਲ੍ਹਾਂ ਵਿੱਚੋਂ ਫ਼ੋਨ ਕਾਲਾਂ ਕਰਵਾਈਆਂ ਜਾ ਰਹੀਆਂ ਹਨ। ਭਾਜਪਾ ਵੱਲੋਂ ਅਜਿਹੇ ਅਨਸਰਾਂ ਨੂੰ ਸ਼ਹਿ ਦੇਣਾ ਲੋਕਤੰਤਰੀ ਢੰਗ ਨਾਲ ਚੁਣੀਆਂ ਗਈਆਂ ਸਰਕਾਰਾਂ ਨੂੰ ਅਸਥਿਰ ਕਰਨ ਅਤੇ ਡਰ ਦਾ ਮਾਹੌਲ ਪੈਦਾ ਕਰਨ ਦੀ ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਹੈ।

ਅਖ਼ੀਰ ਵਿੱਚ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਡੀ ਸਰਕਾਰ ਇਨ੍ਹਾਂ ਸਾਰੇ ਅਪਰਾਧੀਆਂ ਖ਼ਿਲਾਫ਼ ਅਦਾਲਤ ਵਿੱਚ ਠੋਸ ਅਤੇ ਅਕੱਟ ਸਬੂਤ ਪੇਸ਼ ਕਰੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਉਨ੍ਹਾਂ ਨੂੰ ਸਹੀ ਸਜ਼ਾ ਮਿਲੇ। ਸਾਡਾ ਮਕਸਦ ਬਿਲਕੁਲ ਸਾਫ਼ ਹੈ: ਪੰਜਾਬ ਨੂੰ ਗੈਂਗਸਟਰ-ਮੁਕਤ ਸੂਬਾ ਬਣਾਉਣਾ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸੇ ਨੂੰ ਵੀ ਪੰਜਾਬ ਦੀ ਅਮਨ-ਸ਼ਾਂਤੀ ਅਤੇ ਸੁਰੱਖਿਆ ਨੂੰ ਖ਼ਤਰੇ ਵਿੱਚ ਪਾਉਣ ਦੀ ਇਜਾਜ਼ਤ ਨਹੀਂ ਦੇਵੇਗੀ।

ਪੰਜਾਬ • ਜਲੰਧਰ

ਜਲੰਧਰ 'ਚ ਜਵਾਈ ਨੇ ਸਹੁਰੇ ਪਰਿਵਾਰ 'ਤੇ ਚਲਾਈਆਂ ਤਾਬੜਤੋੜ ਗੋਲੀਆਂ, ਗੱਡੀ ਦੇਣ ਤੋਂ ਇਨਕਾਰ ਕਰਨ 'ਤੇ ਕੀਤੀ ਫਾਇਰਿੰਗ

ਜਲੰਧਰ ਦੀ ਥ੍ਰੀ ਸਟਾਰ ਕਾਲੋਨੀ ਵਿੱਚ ਮੰਗਲਵਾਰ ਤੜਕਸਾਰ ਇੱਕ ਜਵਾਈ ਨੇ ਆਪਣੇ 3-4 ਸਾਥੀਆਂ ਨਾਲ ਮਿਲ ਕੇ ਸਹੁਰੇ ਪਰਿਵਾਰ 'ਤੇ ਤਾਬੜਤੋੜ ਫਾਇਰਿੰਗ ਕਰ ਦਿੱਤੀ। ਗੱਡੀ ਦੇਣ ਤੋਂ ਇਨਕਾਰ ਕਰਨ 'ਤੇ ਹੋਈ ਇਸ ਫਾਇਰਿੰਗ ਵਿੱਚ ਈਸ਼ਵਰ ਸਿੰਘ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ।

ਜਲੰਧਰ ਵਿੱਚ ਤੜਕਸਾਰ ਜਵਾਈ ਨੇ ਸਹੁਰੇ ਪਰਿਵਾਰ 'ਤੇ ਤਾਬੜਤੋੜ ਫਾਇਰਿੰਗ ਕਰ ਦਿੱਤੀ। ਇਸ ਦੌਰਾਨ ਸਹੁਰੇ ਪਰਿਵਾਰ ਦੇ ਇੱਕ ਮੈਂਬਰ ਨੂੰ ਗੋਲੀ ਲੱਗ ਗਈ। ਉਸ ਨੂੰ ਗੰਭੀਰ ਹਾਲਤ ਵਿੱਚ ਸਿਵਲ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਸਹੁਰੇ ਪਰਿਵਾਰ ਦਾ ਆਰੋਪ ਹੈ ਕਿ ਜਵਾਈ ਉਨ੍ਹਾਂ ਦੀ ਧੀ ਨੂੰ ਪਰੇਸ਼ਾਨ ਕਰਦਾ ਸੀ। ਇਸੇ ਕਾਰਨ ਉਹ ਆਪਣੇ ਪੇਕੇ ਘਰ ਮਿਲਣ ਲਈ ਆਈ ਹੋਈ ਸੀ। ਇਸ ਦੌਰਾਨ ਪਿੱਛੋਂ ਜਵਾਈ ਵੀ ਉੱਥੇ ਪਹੁੰਚ ਗਿਆ।

ਆਰੋਪ ਹੈ ਕਿ ਉਹ ਆਪਣੇ 3-4 ਸਾਥੀਆਂ ਨਾਲ ਘਰ ਵਿੱਚ ਜ਼ਬਰਦਸਤੀ ਦਾਖ਼ਲ ਹੋਇਆ ਅਤੇ ਗੱਡੀ ਦੀ ਮੰਗ ਕਰਨ ਲੱਗਾ। ਇਨਕਾਰ ਕਰਨ 'ਤੇ ਉਸ ਨੇ ਸਹੁਰੇ ਪਰਿਵਾਰ ਦੇ ਮੈਂਬਰਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਗੋਲੀਆਂ ਚਲਾ ਦਿੱਤੀਆਂ। ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਇਹ ਘਟਨਾ ਮੰਗਲਵਾਰ ਤੜਕਸਾਰ 4 ਵਜੇ ਥ੍ਰੀ ਸਟਾਰ ਕਾਲੋਨੀ ਵਿੱਚ ਵਾਪਰੀ। ਪੀੜਤ ਪਰਿਵਾਰ ਮੁਤਾਬਕ, ਮੁਲਜ਼ਮ ਜਵਾਈ ਮਨਦੀਪ ਸਿੰਘ ਦੇਰ ਰਾਤ ਆਪਣੇ 3-4 ਹੋਰ ਸਾਥੀਆਂ ਨਾਲ ਘਰ ਪਹੁੰਚਿਆ ਸੀ। ਉਹ ਪਰਿਵਾਰ ਤੋਂ ਜ਼ਬਰਦਸਤੀ ਗੱਡੀ ਮੰਗ ਰਿਹਾ ਸੀ ਅਤੇ ਉਸ ਨੂੰ ਖੋਹਣ ਦੀ ਕੋਸ਼ਿਸ਼ ਕਰ ਰਿਹਾ ਸੀ। ਪਰਿਵਾਰ ਦਾ ਕਹਿਣਾ ਹੈ ਕਿ ਇਹ ਗੱਡੀ ਉਨ੍ਹਾਂ ਨੇ ਆਪਣੀ ਮਿਹਨਤ ਦੀ ਕਮਾਈ ਨਾਲ ਖਰੀਦੀ ਸੀ। ਇਸੇ ਗੱਲ ਨੂੰ ਲੈ ਕੇ ਦੋਵਾਂ ਧਿਰਾਂ ਵਿਚਾਲੇ ਵਿਵਾਦ ਸ਼ੁਰੂ ਹੋ ਗਿਆ।

ਪਰਿਵਾਰਕ ਮੈਂਬਰਾਂ ਮੁਤਾਬਕ, ਜਦੋਂ ਉਨ੍ਹਾਂ ਨੇ ਗੱਡੀ ਦੇਣ ਤੋਂ ਇਨਕਾਰ ਕਰ ਦਿੱਤਾ ਤਾਂ ਵਿਵਾਦ ਵਧ ਗਿਆ। ਇਸ ਦੌਰਾਨ ਮੁਲਜ਼ਮ ਨੇ ਪਰਿਵਾਰ ਦੇ ਮੈਂਬਰਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਗੋਲੀਆਂ ਚਲਾ ਦਿੱਤੀਆਂ। ਅਚਾਨਕ ਹੋਈ ਫਾਇਰਿੰਗ ਕਾਰਨ ਪਰਿਵਾਰ ਵਿੱਚ ਹਫੜਾ-ਦਫੜੀ ਮਚ ਗਈ। ਪਰਿਵਾਰਕ ਮੈਂਬਰਾਂ ਨੇ ਭੱਜ ਕੇ ਆਪਣੀ ਜਾਨ ਬਚਾਈ, ਜਦਕਿ ਈਸ਼ਵਰ ਸਿੰਘ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ।

ਮੁਲਜ਼ਮ ਦੀ ਸੱਸ ਬਲਵਿੰਦਰ ਕੌਰ ਨੇ ਆਰੋਪ ਲਗਾਇਆ ਕਿ ਉਨ੍ਹਾਂ ਦਾ ਜਵਾਈ ਨਸ਼ੇ ਦਾ ਆਦੀ ਹੈ ਅਤੇ ਕੋਈ ਕੰਮ-ਕਾਜ ਨਹੀਂ ਕਰਦਾ। ਉਨ੍ਹਾਂ ਮੁਤਾਬਕ, ਉਹ ਪਿਛਲੇ 6-7 ਮਹੀਨਿਆਂ ਤੋਂ, ਸਗੋਂ ਕਰੀਬ ਇੱਕ ਸਾਲ ਤੋਂ ਆਪਣੀ ਪਤਨੀ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਪਰੇਸ਼ਾਨ ਕਰ ਰਿਹਾ ਸੀ।

ਜਲੰਧਰ 'ਚ ਜਵਾਈ ਨੇ ਸਹੁਰੇ ਪਰਿਵਾਰ 'ਤੇ ਚਲਾਈਆਂ ਤਾਬੜਤੋੜ ਗੋਲੀਆਂ, ਗੱਡੀ ਦੇਣ ਤੋਂ ਇਨਕਾਰ ਕਰਨ 'ਤੇ ਕੀਤੀ ਫਾਇਰਿੰਗ (ਜਾਰੀ)

ਪਰਿਵਾਰ ਦਾ ਆਰੋਪ ਹੈ ਕਿ ਇਸੇ ਪਰਿਵਾਰਕ ਰੰਜਿਸ਼ ਕਾਰਨ ਮੁਲਜ਼ਮ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ।

ਪੀੜਤ ਪਰਿਵਾਰ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਪੁਲਿਸ ਮੌਕੇ 'ਤੇ ਪਹੁੰਚੀ ਸੀ, ਪਰ ਰਾਤ ਨੂੰ ਗੋਲੀ ਦਾ ਕੋਈ ਖੋਲ ਬਰਾਮਦ ਨਹੀਂ ਹੋਇਆ। ਸਵੇਰੇ ਪਰਿਵਾਰ ਨੇ ਖੁਦ ਆਸ-ਪਾਸ ਛਾਣਬੀਣ ਕੀਤੀ ਤਾਂ ਮਿੱਟੀ ਵਿੱਚ ਦੱਬਿਆ ਹੋਇਆ ਗੋਲੀ ਦਾ ਇੱਕ ਖੋਲ ਮਿਲਿਆ। ਪਰਿਵਾਰਕ ਮੈਂਬਰਾਂ ਨੇ ਪੁਲਿਸ ਦੀ ਜਾਂਚ ਪ੍ਰਕਿਰਿਆ 'ਤੇ ਸਵਾਲ ਚੁੱਕਦਿਆਂ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ।

ਮੁਖਤਿਆਰ ਰਾਏ ਨੇ ਦੱਸਿਆ ਕਿ ਫਾਇਰਿੰਗ ਮਨਦੀਪ ਸਿੰਘ ਨੇ ਕੀਤੀ ਹੈ, ਜੋ ਘਰ ਦਾ ਜਵਾਈ ਹੈ। ਉਸ ਦੀ ਚਲਾਈ ਗੋਲੀ ਨਾਲ ਈਸ਼ਵਰ ਸਿੰਘ ਜ਼ਖ਼ਮੀ ਹੋਇਆ ਹੈ ਅਤੇ ਉਸ ਦਾ ਸਿਵਲ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਪੁਲਿਸ ਮੁਤਾਬਕ, ਫਿਲਹਾਲ ਦੋਵਾਂ ਵਿਚਾਲੇ ਵਿਵਾਦ ਦੀ ਪੂਰੀ ਵਜ੍ਹਾ ਸਪੱਸ਼ਟ ਨਹੀਂ ਹੋ ਸਕੀ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਮਨੋਰੰਜਨ

ਕਪਿਲ ਸ਼ਰਮਾ ਦੇ ਕੈਫੇ 'ਤੇ ਫਾਈਰਿੰਗ ਦਾ ਮਾਮਲਾ: ਆਰੋਪੀ ਗੈਂਗ ਤੱਕ ਪਹੁੰਚੀ ਪੁਲਿਸ, ਸਰੀ ਤੋਂ 2 ਸ਼ੱਕੀ ਗ੍ਰਿਫ਼ਤਾਰ

ਕਪਿਲ ਸ਼ਰਮਾ ਨੇ ਜੁਲਾਈ 2025 ਵਿੱਚ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਦੇ ਸਰੀ ਵਿੱਚ ਆਪਣਾ "ਕੈਪਸ ਕੈਫੇ" ਖੋਲ੍ਹਿਆ ਸੀ, ਪਰ ਕੈਫੇ ਖੁੱਲ੍ਹਣ ਤੋਂ ਕੁਝ ਦਿਨ ਬਾਅਦ ਹੀ ਹਮਲਾਵਰਾਂ ਦੇ ਨਿਸ਼ਾਨੇ ਤੇ ਆ ਗਿਆ ਸੀ। ਹੁਣ ਕੈਨੇਡਾ ਪੁਲਿਸ ਨੇ ਦਾਅਵਾ ਕੀਤਾ ਹੈ ਕਿ ਉਹ ਗੋਲੀਆਂ ਚਲਾਉਣ ਵਾਲੇ ਗੈਂਗ ਤੱਕ ਪਹੁੰਚ ਚੁੱਕੀ ਹੈ।

ਮਸ਼ਹੂਰ ਕਾਮੇਡੀਅਨ ਕਪਿਲ ਸ਼ਰਮਾ ਦੇ ਕੈਨੇਡਾ ਵਿੱਚ ਕੈਫੇ 'ਤੇ ਹੋਈ ਫਾਈਰਿੰਗ ਵਿੱਚ ਪੁਲਿਸ ਨੂੰ ਵੱਡੀ ਕਾਮਯਾਬੀ ਮਿਲੀ ਹੈ। ਬ੍ਰਿਟਿਸ਼ ਕੋਲੰਬੀਆ ਦੀ ਸੂਬਾਈ ਜਬਰਨ ਵਸੂਲੀ ਨਿਰੋਧਕ ਟਾਸਕ ਫੋਰਸ ਨੇ ਇਸ ਮਾਮਲੇ ਵਿੱਚ ਦੋ ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਕੀਤੇ ਗਏ ਸ਼ੱਕੀਆਂ ਦੀ ਪਛਾਣ 22 ਸਾਲਾ ਪ੍ਰਦੀਪ ਸਿੰਘ ਅਤੇ 22 ਸਾਲਾ ਸਵੀਰ ਖਾਨ ਵਜੋਂ ਹੋਈ ਹੈ, ਜਿਨ੍ਹਾਂ ਦੋਵਾਂ ਨੂੰ ਕੈਨੇਡਾ ਦੇ ਸਰੀ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ।

ਪੁਲਿਸ ਦੇ ਅਨੁਸਾਰ, ਦੋਵਾਂ 'ਤੇ ਫਾਈਰਿੰਗ ਨਾਲ ਸਬੰਧਤ ਅਪਰਾਧਿਕ ਅਪਰਾਧਾਂ ਦੇ ਆਰੋਪ ਲਗਾਏ ਗਏ ਹਨ ਅਤੇ ਉਹ ਇਸ ਸਮੇਂ ਹਿਰਾਸਤ ਵਿੱਚ ਹਨ। ਕਪਿਲ ਸ਼ਰਮਾ ਨੇ ਜੁਲਾਈ 2025 ਵਿੱਚ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਦੇ ਸਰੀ ਵਿੱਚ ਆਪਣਾ "ਕਪਸ ਕੈਫੇ" ਖੋਲ੍ਹਿਆ ਸੀ, ਪਰ ਖੁੱਲ੍ਹਣ ਤੋਂ ਕੁਝ ਦਿਨ ਬਾਅਦ ਹੀ ਇਹ ਕੈਫੇ ਗੈਂਗਸਟਰਾਂ ਦੇ ਨਿਸ਼ਾਨੇ ਤੇ ਆ ਗਿਆ।

ਪਹਿਲੀ ਵਾਰ 10 ਜੁਲਾਈ, 2025 ਨੂੰ ਕੈਫੇ ਤੇ ਫਾਈਰਿੰਗ ਕੀਤੀ ਗਈ। ਦੂਜਾ ਹਮਲਾ 7 ਅਗਸਤ, 2025 ਨੂੰ ਹੋਇਆ ਸੀ ਅਤੇ ਤੀਜਾ ਹਮਲਾ 16 ਅਕਤੂਬਰ, 2025 ਨੂੰ ਹੋਇਆ ਸੀ। ਇਹ ਕੁਝ ਮਹੀਨਿਆਂ ਦੇ ਅੰਦਰ ਗੋਲੀਬਾਰੀ ਦੀਆਂ ਤਿੰਨ ਘਟਨਾਵਾਂ ਵਾਪਰੀਆਂ। ਤੀਜੀ ਘਟਨਾ ਦੇ ਸਮੇਂ ਕੈਫੇ ਬੰਦ ਸੀ, ਪਰ ਦੋ ਕਰਮਚਾਰੀ ਅੰਦਰ ਸਨ। ਖੁਸ਼ਕਿਸਮਤੀ ਨਾਲ, ਦੋਵੇਂ ਸੁਰੱਖਿਅਤ ਬਚ ਗਏ। ਹਮਲਾਵਰਾਂ ਨੇ ਕੈਫੇ ਦੀਆਂ ਖਿੜਕੀਆਂ ਅਤੇ ਇਮਾਰਤ ਨੂੰ ਗੋਲੀਆਂ ਨਾਲ ਛਲਣੀ ਕਰ ਦਿੱਤਾ। ਇਨ੍ਹਾਂ ਘਟਨਾਵਾਂ ਦੇ ਵੀਡੀਓ ਸੋਸ਼ਲ ਮੀਡੀਆ 'ਤੇ ਵੀ ਵਾਇਰਲ ਹੋਏ ਸਨ।

ਜਾਂਚ ਦੌਰਾਨ, ਗੈਂਗਸਟਰ ਗੋਲਡੀ ਢਿੱਲੋਂ ਦਾ ਨਾਮ ਸਾਹਮਣੇ ਆਇਆ ਸੀ ਅਤੇ ਉਸਦੇ ਗਿਰੋਹ ਨੇ ਹਮਲਿਆਂ ਦੀ ਜ਼ਿੰਮੇਵਾਰੀ ਲਈ ਸੀ। ਪੁਲਿਸ ਇਨ੍ਹਾਂ ਘਟਨਾਵਾਂ ਦੀ ਜਾਂਚ ਜਬਰਨ ਵਸੂਲੀ ਨਾਲ ਸਬੰਧਤ ਹਿੰਸਾ ਵਜੋਂ ਕਰ ਰਹੀ ਹੈ। ਤਾਜ਼ਾ ਘਟਨਾ ਵਿੱਚ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਸ਼ੱਕੀਆਂ 'ਤੇ 12 ਅਕਤੂਬਰ, 2025 ਨੂੰ ਸਰੀ ਦੇ ਇੱਕ ਘਰ ਵਿੱਚ ਹੋਈ ਗੋਲੀਬਾਰੀ ਵਿੱਚ ਸ਼ਾਮਲ ਹੋਣ ਦਾ ਵੀ ਆਰੋਪ ਹੈ, ਇਸ ਘਟਨਾ ਵਿੱਚ ਇੱਕ ਔਰਤ ਜ਼ਖਮੀ ਹੋ ਗਈ ਸੀ।

ਪੁਲਿਸ ਦੇ ਅਨੁਸਾਰ, ਦੋਵਾਂ ਘਟਨਾਵਾਂ ਦੇ ਵਿਚਕਾਰ ਸਬੰਧ ਦੀ ਜਾਂਚ ਕਰਨ ਤੋਂ ਬਾਅਦ ਮੁਲਜ਼ਮਾਂ ਦੀ ਪਛਾਣ ਕੀਤੀ ਗਈ ਸੀ। ਇਸ ਮਾਮਲੇ ਵਿੱਚ ਭਾਰਤ ਵਿੱਚ ਪਹਿਲਾਂ ਹੀ ਇੱਕ ਵੱਡੀ ਗ੍ਰਿਫ਼ਤਾਰੀ ਕੀਤੀ ਜਾ ਚੁੱਕੀ ਹੈ। ਨਵੰਬਰ 2025 ਵਿੱਚ, ਦਿੱਲੀ ਪੁਲਿਸ ਦੀ ਅਪਰਾਧ ਸ਼ਾਖਾ ਨੇ ਲੁਧਿਆਣਾ ਤੋਂ ਬੰਧੂ ਮਾਨ ਸਿੰਘ ਸੇਖੋਂ ਨੂੰ ਗ੍ਰਿਫ਼ਤਾਰ ਕੀਤਾ ਸੀ।

ਉਸਨੂੰ ਗੋਲੀਬਾਰੀ ਦਾ ਕਥਿਤ ਮਾਸਟਰਮਾਈਂਡ ਦੱਸਿਆ ਗਿਆ ਸੀ। ਉਸ 'ਤੇ ਕੈਨੇਡਾ ਵਿੱਚ ਫਾਈਰਿੰਗ ਕਰਨ ਵਾਲਿਆਂ ਨੂੰ ਹਥਿਆਰ ਅਤੇ ਵਾਹਨ ਮੁਹੱਈਆ ਕਰਵਾਉਣ ਦੇ ਨਾਲ-ਨਾਲ ਹੋਰ ਸਹਾਇਤਾ ਦੇਣ ਦਾ ਇਲਜ਼ਾਮ ਸੀ। ਉਸ ਦੇ ਕਬਜ਼ੇ ਵਿੱਚੋਂ ਇੱਕ ਚੀਨੀਪਿਸਤੌਲ ਵੀ ਬਰਾਮਦ ਕੀਤੀ ਗਈ ਸੀ। ਹੁਣ, ਕੈਨੇਡਾ ਵਿੱਚ ਦੋ ਹੋਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾਲ, ਜਾਂਚ ਨੇ ਇੱਕ ਨਵਾਂ ਮੋੜ ਲੈ ਲਿਆ ਹੈ। ਇਸ ਤਰ੍ਹਾਂ, ਕਪਿਲ ਸ਼ਰਮਾ ਦੇ ਕੈਫੇ ਵਿੱਚ ਹੋਈਆਂ ਤਿੰਨ ਫਾਈਰਿੰਗ ਦੀਆਂ ਘਟਨਾਵਾਂ ਦੇ ਸਬੰਧ ਵਿੱਚ ਭਾਰਤ ਅਤੇ ਕੈਨੇਡਾ ਵਿੱਚ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਹਾਲਾਂਕਿ, ਸਾਰੇ ਮੁਲਜ਼ਮਾਂ ਖਿਲਾਫ ਆਰੋਪ ਅਜੇ ਅਦਾਲਤ ਵਿੱਚ ਸਾਬਤ ਨਹੀਂ ਹੋਏ ਹਨ।

ਸਿਆਸਤ

ਪੱਟੀ ਤੋਂ ਆਪ ਵਿਧਾਇਕ ਲਾਲਜੀਤ ਸਿੰਘ ਭੁੱਲਰ ਨੇ ਚੋਣ ਲੜਨ ਤੋਂ ਕੀਤਾ ਇਨਕਾਰ, ਪੋਸਟ ਸ਼ੇਅਰ ਕਰਕੇ ਸਮਰਥਕਾਂ ਦਾ ਕੀਤਾ ਧੰਨਵਾਦ

ਪੱਟੀ ਤੋਂ ਆਮ ਆਦਮੀ ਪਾਰਟੀ ਦੇ ਮੌਜੂਦਾ ਵਿਧਾਇਕ ਅਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨਾ ਲੜਨ ਦਾ ਐਲਾਨ ਕੀਤਾ ਹੈ। ਉਹ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਅੰਮ੍ਰਿਤਸਰ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਮਾਮਲੇ ਵਿੱਚ ਜੇਲ੍ਹ ਵਿੱਚ ਹਨ।

ਚੋਣ ਨਾ ਲੜਨ ਦਾ ਕੀਤਾ ਫੈਸਲਾ: ਲਾਲਜੀਤ ਸਿੰਘ ਭੁੱਲਰ ਨੇ ਆਪਣੇ ਅਧਿਕਾਰਤ ਪੇਜ 'ਤੇ ਅੱਜ ਸਵੇਰੇ ਇੱਕ ਪੋਸਟ ਸਾਂਝੀ ਕਰਦਿਆਂ ਲਿਖਿਆ, ਦਾਸ (ਭੁੱਲਰ) ਨੇ ਪੱਟੀ ਹਲਕੇ ਦੇ ਭੈਣਾਂ-ਭਰਾਵਾਂ ਵੱਲੋਂ ਪਾਰਟੀ ਨੂੰ ਇੱਕ ਵਾਰ ਫਿਰ ਚੋਣ ਲੜਵਾਉਣ ਦੀ ਇੱਛਾ



ਪੱਟੀ ਤੋਂ ਆਪ ਵਿਧਾਇਕ ਲਾਲਜੀਤ ਸਿੰਘ ਭੁੱਲਰ ਨੇ ਚੋਣ ਲੜਨ ਤੋਂ ਕੀਤਾ ਇਨਕਾਰ, ਪੋਸਟ ਸ਼ੇਅਰ

ਪੱਟੀ ਤੋਂ ਆਪ ਵਿਧਾਇਕ ਲਾਲਜੀਤ ਸਿੰਘ ਭੁੱਲਰ ਨੇ ਚੋਣ ਲੜਨ ਤੋਂ ਕੀਤਾ ਇਨਕਾਰ, ਪੋਸਟ ਸ਼ੇਅਰ ਕਰਕੇ ਸਮਰਥਕਾਂ ਦਾ ਕੀਤਾ ਧੰਨਵਾਦ (ਜਾਰੀ)

ਬਾਰੇ ਸੁਣਿਆ ਹੈ, ਪਰ ਦਾਸ ਨੇ ਇਸ ਵਾਰ ਚੋਣ ਨਾ ਲੜਨ ਦਾ ਫੈਸਲਾ ਕੀਤਾ ਹੈ।

ਲੋਕਾਂ ਦਾ ਦਿਲੋਂ ਕੀਤਾ ਧੰਨਵਾਦ: ਉਨ੍ਹਾਂ ਨੇ ਅੱਗੇ ਲਿਖਿਆ, ਦਾਸ ਪੱਟੀ ਹਲਕੇ ਦੇ ਸਾਰੇ ਭੈਣਾਂ-ਭਰਾਵਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹੈ। ਤੁਹਾਡੇ ਸਾਰਿਆਂ ਦੀਆਂ ਭਾਵਨਾਵਾਂ, ਪਿਆਰ ਅਤੇ ਸਨਮਾਨ ਅੱਗੇ ਦਾਸ ਆਪਣਾ ਸੀਸ ਝੁਕਾਉਂਦਾ ਹੈ।

ਮੈਂ ਲੋਕਾਂ ਦਾ ਜੀਵਨ ਭਰ ਰਿਣੀ ਰਹਾਂਗਾ: ਭੁੱਲਰ ਨੇ ਲਿਖਿਆ, ਦਾਸ ਪੱਟੀ ਹਲਕੇ ਦੇ ਸਾਰੇ ਭੈਣਾਂ-ਭਰਾਵਾਂ ਦਾ ਜੀਵਨ ਭਰ ਰਿਣੀ ਰਹੇਗਾ। ਜਿਨ੍ਹਾਂ ਭੈਣਾਂ-ਭਰਾਵਾਂ ਨੇ ਹਰ ਸਮੇਂ ਦਾਸ ਦਾ ਸਾਥ ਦਿੱਤਾ ਅਤੇ ਆਪਣਾ ਪਿਆਰ ਤੇ ਵਿਸ਼ਵਾਸ ਬਣਾਈ ਰੱਖਿਆ, ਉਨ੍ਹਾਂ ਸਾਰਿਆਂ ਦਾ ਦਾਸ ਤਹਿ ਦਿਲੋਂ ਬਹੁਤ-ਬਹੁਤ ਧੰਨਵਾਦ ਕਰਦਾ ਹੈ।

ਪੰਜਾਬ ਦੇ ਸਾਬਕਾ ਟਰਾਂਸਪੋਰਟ ਮੰਤਰੀ ਅਤੇ ਪੱਟੀ ਤੋਂ ਆਪ ਵਿਧਾਇਕ ਲਾਲਜੀਤ ਸਿੰਘ ਭੁੱਲਰ ਦਾ ਨਾਮ ਮਾਰਚ 2026 ਵਿੱਚ ਅੰਮ੍ਰਿਤਸਰ ਦੇ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਦੇ ਮਾਮਲੇ ਵਿੱਚ ਸਾਹਮਣੇ ਆਇਆ ਸੀ। ਰੰਧਾਵਾ ਦੀ ਮੌਤ ਤੋਂ ਪਹਿਲਾਂ ਬਣਾਈ ਗਈ ਵੀਡੀਓ ਅਤੇ ਉਨ੍ਹਾਂ ਦੀ ਪਤਨੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਇਹ ਮਾਮਲਾ ਸਿਆਸੀ ਅਤੇ ਕਾਨੂੰਨੀ ਵਿਵਾਦ ਵਿੱਚ ਬਦਲ ਗਿਆ। ਇਸ ਤੋਂ ਬਾਅਦ ਭੁੱਲਰ ਨੂੰ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇਣਾ ਪਿਆ ਅਤੇ ਪੁਲਿਸ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ।

ਪਿਤਾ ਨੂੰ ਟੈਂਡਰ ਦੇਣ ਲਈ ਦਬਾਅ ਬਣਾਉਣ ਦੇ ਆਰੋਪ: ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਿੱਚ ਅੰਮ੍ਰਿਤਸਰ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ 'ਤੇ ਪੱਟੀ ਅਤੇ ਖੇਮਕਰਨ ਇਲਾਕੇ ਵਿੱਚ ਗੋਦਾਮਾਂ ਦੀ ਉਸਾਰੀ ਦੇ ਟੈਂਡਰ ਅਲਾਟ ਕਰਨ ਨੂੰ ਲੈ ਕੇ ਦਬਾਅ ਬਣਾਉਣ ਦੇ ਆਰੋਪ ਲੱਗੇ। ਰੰਧਾਵਾ ਦੀ ਪਤਨੀ ਉਪਿੰਦਰ ਕੌਰ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਆਰੋਪ ਲਾਇਆ ਕਿ ਭੁੱਲਰ, ਉਨ੍ਹਾਂ ਦੇ ਪਿਤਾ ਸੁਖਦੇਵ ਸਿੰਘ ਅਤੇ ਨਿੱਜੀ ਸਹਾਇਕ ਦਿਲਬਾਗ ਸਿੰਘ ਟੈਂਡਰ ਭੁੱਲਰ ਦੇ ਪਿਤਾ ਦੇ ਹੱਕ ਵਿੱਚ ਕਰਵਾਉਣਾ ਚਾਹੁੰਦੇ ਸਨ।

ਘਰ ਬੁਲਾ ਕੇ ਕੀਤੀ ਕੁੱਟਮਾਰ: ਸ਼ਿਕਾਇਤ ਮੁਤਾਬਕ, ਰੰਧਾਵਾ ਨੇ ਨਿਯਮਾਂ ਦੇ ਉਲਟ ਟੈਂਡਰ ਦੇਣ ਤੋਂ ਇਨਕਾਰ ਕਰ ਦਿੱਤਾ ਤਾਂ ਉਨ੍ਹਾਂ ਨੂੰ ਧਮਕਾਇਆ ਅਤੇ ਪਰੇਸ਼ਾਨ ਕੀਤਾ ਗਿਆ। ਪਤਨੀ ਨੇ ਇਹ ਵੀ ਆਰੋਪ ਲਾਇਆ ਕਿ 13 ਮਾਰਚ ਨੂੰ ਪੱਟੀ ਸਥਿਤ ਭੁੱਲਰ ਦੇ ਘਰ ਵਿੱਚ ਰੰਧਾਵਾ ਨਾਲ ਕੁੱਟਮਾਰ ਕੀਤੀ ਗਈ ਅਤੇ ਪਿਸਤੌਲ ਦੀ ਨੋਕ 'ਤੇ 10 ਲੱਖ ਰੁਪਏ ਦੀ ਰਿਸ਼ਵਤ ਲੈਣ ਦਾ ਇੱਕ ਝੂਠਾ ਵੀਡੀਓ ਬਣਵਾਇਆ ਗਿਆ।

ਜ਼ਹਿਰੀਲਾ ਪਦਾਰਥ ਨਿਗਲ ਕੇ ਦਿੱਤੀ ਜਾਨ: ਇਸ ਤੋਂ ਬਾਅਦ 21 ਮਾਰਚ 2026 ਨੂੰ ਰੰਧਾਵਾ ਨੇ ਅੰਮ੍ਰਿਤਸਰ ਸਥਿਤ ਆਪਣੇ ਘਰ ਵਿੱਚ ਜ਼ਹਿਰੀਲਾ ਪਦਾਰਥ ਨਿਗਲ ਲਿਆ। ਮੌਤ ਤੋਂ ਪਹਿਲਾਂ ਬਣਾਈ ਗਈ ਵੀਡੀਓ ਵਿੱਚ ਉਨ੍ਹਾਂ ਨੇ ਕਥਿਤ ਤੌਰ 'ਤੇ ਭੁੱਲਰ ਦਾ ਨਾਮ ਲਿਆ ਅਤੇ ਉਨ੍ਹਾਂ 'ਤੇ ਦਬਾਅ ਬਣਾਉਣ ਦੇ ਆਰੋਪ ਲਗਾਏ। ਇਹ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਮਾਮਲਾ ਸੁਰਖੀਆਂ ਵਿੱਚ ਆ ਗਿਆ।

ਰੰਧਾਵਾ ਦੀ ਮੌਤ ਤੋਂ ਬਾਅਦ 22 ਮਾਰਚ ਨੂੰ ਅੰਮ੍ਰਿਤਸਰ ਦੇ ਰਣਜੀਤ ਐਵੇਨਿਊ ਥਾਣੇ ਵਿੱਚ ਭੁੱਲਰ, ਉਨ੍ਹਾਂ ਦੇ ਪਿਤਾ ਸੁਖਦੇਵ ਸਿੰਘ ਅਤੇ ਦਿਲਬਾਗ ਸਿੰਘ ਖ਼ਿਲਾਫ਼ ਬੀਐਨਐਸ ਦੀ ਧਾਰਾ 108 (ਖੁਦਕੁਸ਼ੀ ਲਈ ਉਕਸਾਉਣਾ), 351(3) (ਅਪਰਾਧਿਕ ਧਮਕੀ) ਅਤੇ 3(5) (ਸਾਂਝੀ ਮੰਸ਼ਾ) ਤਹਿਤ ਐਫਆਈਆਰ ਦਰਜ ਕੀਤੀ ਗਈ।

23 ਮਾਰਚ ਨੂੰ ਪੁਲਿਸ ਨੇ ਭੁੱਲਰ ਨੂੰ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਮੰਡੀ ਗੋਬਿੰਦਗੜ੍ਹ ਤੋਂ ਗ੍ਰਿਫ਼ਤਾਰ ਕਰ ਲਿਆ। ਗ੍ਰਿਫ਼ਤਾਰੀ ਤੋਂ ਪਹਿਲਾਂ ਭੁੱਲਰ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਕਿਹਾ ਸੀ ਕਿ ਉਹ ਫਰਾਰ ਨਹੀਂ ਹਨ ਅਤੇ ਖੁਦ ਸਰੰਡਰ ਕਰ ਰਹੇ ਹਨ।

ਪੁਲਿਸ ਨੇ ਉਨ੍ਹਾਂ ਨੂੰ ਅੰਮ੍ਰਿਤਸਰ ਅਦਾਲਤ ਵਿੱਚ ਪੇਸ਼ ਕੀਤਾ। ਪਹਿਲਾਂ 5 ਦਿਨ ਦਾ ਪੁਲਿਸ ਰਿਮਾਂਡ ਮਿਲਿਆ ਅਤੇ ਫਿਰ 3 ਦਿਨ ਦਾ ਹੋਰ ਰਿਮਾਂਡ ਦਿੱਤਾ ਗਿਆ। 1 ਅਪ੍ਰੈਲ ਨੂੰ ਅਦਾਲਤ ਨੇ ਉਨ੍ਹਾਂ ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ।

ਪੰਜਾਬ

ਭੀਖੀ 'ਚ ਆਪ ਕੌਂਸਲਰ ਦੇ ਪਤੀ ਨਾਲ ਕੁੱਟਮਾਰ, ਨਸ਼ਾ ਕਰਨ ਤੋਂ ਰੋਕਣ 'ਤੇ ਨੌਜਵਾਨਾਂ ਵੱਲੋਂ ਹਮਲਾ ਕਰਨ ਦੇ ਆਰੋਪ

ਪੰਜਾਬ ਦੇ ਭੀਖੀ ਵਿੱਚ ਆਮ ਆਦਮੀ ਪਾਰਟੀ ਦੀ ਕੌਂਸਲਰ ਚਰਨਜੀਤ ਕੌਰ ਦੇ ਪਤੀ ਕੁਲਵੰਤ ਸਿੰਘ ਨਾਲ ਕੁੱਟਮਾਰ ਦਾ ਮਾਮਲਾ ਸਾਹਮਣੇ ਆਇਆ ਹੈ। ਕੁਲਵੰਤ ਸਿੰਘ ਨੇ ਆਰੋਪ ਲਾਇਆ ਹੈ ਕਿ ਕੁਝ ਦਿਨ ਪਹਿਲਾਂ ਪਾਰਕ ਵਿੱਚ ਨੌਜਵਾਨਾਂ ਨੂੰ ਨਸ਼ਾ ਕਰਨ ਤੋਂ ਰੋਕਣ ਕਾਰਨ ਉਨ੍ਹਾਂ 'ਤੇ ਹਮਲਾ ਕੀਤਾ ਗਿਆ।

ਆਮ ਆਦਮੀ ਪਾਰਟੀ ਦੀ ਕੌਂਸਲਰ ਚਰਨਜੀਤ ਕੌਰ ਦੇ ਪਤੀ ਕੁਲਵੰਤ ਸਿੰਘ ਨਾਲ ਸੋਮਵਾਰ ਸਵੇਰੇ ਭੀਖੀ ਵਿੱਚ ਸਰਕਾਰੀ ਹਸਪਤਾਲ ਨੇੜੇ ਕੁੱਟਮਾਰ ਦਾ ਮਾਮਲਾ ਸਾਹਮਣੇ ਆਇਆ ਹੈ। ਕੁਲਵੰਤ ਸਿੰਘ ਵਾਰਡ ਨੰਬਰ-7 ਦੀ ਕੌਂਸਲਰ ਦੇ ਪਤੀ ਹਨ। ਉਨ੍ਹਾਂ ਨੇ ਕੁਝ ਨੌਜਵਾਨਾਂ 'ਤੇ ਕੁੱਟਮਾਰ ਕਰਨ ਦੇ ਆਰੋਪ ਲਗਾਏ ਹਨ। ਕੁਲਵੰਤ ਸਿੰਘ ਮੁਤਾਬਕ, ਕੁਝ ਦਿਨ ਪਹਿਲਾਂ ਉਨ੍ਹਾਂ ਨੇ ਧਲੇਵਾ ਰੋਡ ਸਥਿਤ ਇੱਕ ਪਾਰਕ ਵਿੱਚ ਕੁਝ ਨੌਜਵਾਨਾਂ ਨੂੰ ਨਸ਼ਾ ਕਰਨ ਤੋਂ ਰੋਕਿਆ ਸੀ। ਉਨ੍ਹਾਂ ਦਾ ਆਰੋਪ ਹੈ ਕਿ ਇਸੇ ਰੰਜਿਸ਼ ਦੇ ਚੱਲਦਿਆਂ ਨੌਜਵਾਨਾਂ ਨੇ ਸੋਮਵਾਰ ਸਵੇਰੇ ਸਰਕਾਰੀ ਹਸਪਤਾਲ ਨੇੜੇ ਉਨ੍ਹਾਂ ਨਾਲ ਕੁੱਟਮਾਰ ਕੀਤੀ। ਉਨ੍ਹਾਂ ਕਿਹਾ ਕਿ ਨਸ਼ੇ ਦਾ ਵਿਰੋਧ ਕਰਨ ਕਾਰਨ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਗਿਆ।

ਭੀਖੀ 'ਚ ਆਪ ਕੌਂਸਲਰ ਦੇ ਪਤੀ ਨਾਲ ਕੁੱਟਮਾਰ, ਨਸ਼ਾ ਕਰਨ ਤੋਂ ਰੋਕਣ 'ਤੇ ਨੌਜਵਾਨਾਂ ਵੱਲੋਂ ਹਮਲਾ ਕਰਨ ਦੇ ਆਰੋਪ (ਜਾਰੀ)

ਕੌਂਸਲਰ ਚਰਨਜੀਤ ਕੌਰ ਨੇ ਕਿਹਾ ਕਿ ਸ਼ਹਿਰ ਵਿੱਚ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਕਾਰਨ ਉਨ੍ਹਾਂ ਨੂੰ ਇਸ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਸ਼ਹਿਰ ਵਿੱਚ ਨਸ਼ਿਆਂ 'ਤੇ ਰੋਕ ਲਗਾਉਣ ਲਈ ਠੋਸ ਕਦਮ ਚੁੱਕਣ ਦੀ ਮੰਗ ਕੀਤੀ।

ਥਾਣਾ ਇੰਚਾਰਜ ਬੋਲੇ- ਆਪਸੀ ਰੰਜਿਸ਼ ਕਾਰਨ ਹੋਈ ਕੁੱਟਮਾਰ

ਦੂਜੇ ਪਾਸੇ, ਥਾਣਾ ਇੰਚਾਰਜ ਗੁਰਮੇਲ ਸਿੰਘ ਨੇ ਇਸ ਮਾਮਲੇ ਨੂੰ ਨਸ਼ਿਆਂ ਨਾਲ ਜੋੜਨ ਤੋਂ ਇਨਕਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਦੋਵੇਂ ਧਿਰਾਂ ਗੁਆਂਢੀ ਹਨ ਅਤੇ ਉਨ੍ਹਾਂ ਵਿਚਾਲੇ ਆਪਸੀ ਰੰਜਿਸ਼ ਕਾਰਨ ਕੁੱਟਮਾਰ ਹੋਈ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ।

ਦੇਸ਼

ਅੱਜ ਤੋਂ ਮਿਲੇਗੀ ਸੋਨੀਆ ਗਾਂਧੀ ਦੀ ਕਿਤਾਬ, ਪ੍ਰਧਾਨ ਮੰਤਰੀ ਨਾ ਬਣਨ ਦੇ ਫੈਸਲੇ ਤੇ ਕੀਤਾ ਵੱਡਾ ਖੁਲਾਸਾ

ਸੋਨੀਆ ਗਾਂਧੀ ਦੀ ਕਿਤਾਬ ਬਿਲੌਂਗਿੰਗ: ਏ ਜਰਨੀ ਆਫ਼ ਲਵ ਅੱਜ ਤੋਂ ਬੁੱਕ ਸਟੋਰਾਂ ਵਿੱਚ ਮਿਲਣ ਲੱਗੇਗੀ। ਉਨ੍ਹਾਂ ਨੇ ਇਸ ਕਿਤਾਬ ਵਿੱਚ ਕਈ ਖੁਲਾਸੇ ਕੀਤੇ ਹਨ, ਜਿਸ ਵਿੱਚ 2004 ਵਿੱਚ ਪ੍ਰਧਾਨ ਮੰਤਰੀ ਬਣਨ ਤੋਂ ਇਨਕਾਰ ਕਰਨ ਦੀ ਕਹਾਣੀ ਵੀ ਸ਼ਾਮਲ ਹੈ।

ਅੱਜ, 10 ਨਵੰਬਰ ਨੂੰ ਬਾਜ਼ਾਰ ਵਿੱਚ ਉਪਲਬਧ ਹੋਣੀ ਸ਼ੁਰੂ ਹੋ ਜਾਵੇਗੀ। ਕਿਤਾਬ ਦੇ ਰਿਲੀਜ਼ ਹੋਣ ਤੋਂ ਪਹਿਲਾਂ ਹੀ, ਕਿਤਾਬ ਦੇ ਇੱਕ ਅੰਸ਼ ਨੇ ਰਾਜਨੀਤਿਕ ਹਲਕਿਆਂ ਵਿੱਚ ਗਰਮਾ-ਗਰਮ ਚਰਚਾ ਛੇੜ ਦਿੱਤੀ ਹੈ। ਇਸ ਵਿੱਚ, ਸੋਨੀਆ ਗਾਂਧੀ ਨੇ 2004 ਦੇ ਪ੍ਰਧਾਨ ਮੰਤਰੀ ਅਹੁਦੇ ਤੋਂ ਇਨਕਾਰ ਕਰਨ ਦੇ ਆਪਣੇ ਫੈਸਲੇ ਪਿੱਛੇ ਦੀ ਕਹਾਣੀ ਦਾ ਖੁਲਾਸਾ ਕੀਤਾ ਹੈ। ਉਨ੍ਹਾਂ ਨੇ ਲਿਖਿਆ ਹੈ ਕਿ ਉਸ ਸਮੇਂ, ਉਹ ਲਗਾਤਾਰ ਜ਼ਿੰਮੇਵਾਰੀ ਅਤੇ ਨਿੱਜੀ ਸ਼ੰਕਿਆਂ ਵਿਚਕਾਰ ਜੂਝ ਰਹੇ ਸਨ। ਇੱਕ ਪਾਸੇ, ਪਾਰਟੀ ਵਰਕਰਾਂ ਦਾ ਦਬਾਅ ਅਤੇ ਜਨਤਾ ਦਾ ਵਿਸ਼ਵਾਸ ਸੀ, ਜਦੋਂ ਕਿ ਦੂਜੇ ਪਾਸੇ, ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਵਾਡਰਾ ਨਹੀਂ ਚਾਹੁੰਦੇ ਸਨ ਕਿ ਉਨ੍ਹਾਂ ਦੀ ਮਾਂ ਪ੍ਰਧਾਨ ਮੰਤਰੀ ਬਣੇ।

ਇੰਡੀਅਨ ਐਕਸਪ੍ਰੈਸ ਵਿੱਚ ਪ੍ਰਕਾਸ਼ਿਤ ਕਿਤਾਬ ਦੇ ਇੱਕ ਵਿਸ਼ੇਸ਼ ਅੰਸ਼ ਵਿੱਚ, ਸੋਨੀਆ ਗਾਂਧੀ ਨੇ ਉਸ ਰਾਤ ਦਾ ਜ਼ਿਕਰ ਕੀਤਾ ਹੈ ਜਦੋਂ ਉਨ੍ਹਾਂ ਨੇ ਪ੍ਰਧਾਨ ਮੰਤਰੀ ਅਹੁਦੇ ਨੂੰ ਸਵੀਕਾਰ ਨਾ ਕਰਨ ਦਾ ਆਖਰੀ ਫੈਸਲਾ ਲਿਆ ਸੀ। ਉਨ੍ਹਾਂ ਨੇ ਲਿਖਿਆ ਹੈ ਕਿ ਉਨ੍ਹਾਂਦੇ ਮਨ ਵਿੱਚ ਮੌਜੂਦ ਸ਼ੰਕੇ ਅਚਾਨਕ ਦੂਰ ਹੋ ਗਏ, ਅਤੇ ਉਨ੍ਹਾਂ ਨੂੰ ਅੰਦਰੋਂ ਇੱਕ ਆਵਾਜ਼ ਸੁਣਾਈ ਦਿੱਤੀ: "ਸੋਨੀਆ, ਆਪਣੇ ਆਪ ਨਾਲ ਸੱਚਾ ਬਣੋ। ਤੁਸੀਂ ਹਮੇਸ਼ਾ ਇਸਨੂੰ ਜਾਣਦੇ ਸੀ।

ਸੋਨੀਆ ਗਾਂਧੀ ਕਿਤਾਬ ਵਿੱਚ ਲਿਖਦੇ ਹਨ ਕਿ 2004 ਦੀਆਂ ਲੋਕ ਸਭਾ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ, ਉਨ੍ਹਾਂ ਨੇ ਆਪਣੇ ਬੱਚਿਆਂ ਨਾਲ ਚਰਚਾ ਕੀਤੀ ਸੀ ਕਿ ਕੀ ਜੇਕਰ ਕਾਂਗਰਸ ਜਿੱਤ ਜਾਂਦੀ ਹੈ ਤਾਂ ਪ੍ਰਧਾਨ ਮੰਤਰੀ ਅਹੁਦੇ ਨੂੰ ਸਵੀਕਾਰ ਕਰ ਲੈਣਗੇ। ਜਦੋਂ ਇਹ ਸਵਾਲ ਪੁੱਛਿਆ ਗਿਆ, ਤਾਂ ਉਨ੍ਹਾਂਨੇ ਸਪੱਸ਼ਟ ਤੌਰ 'ਤੇ ਕਿਹਾ, "ਬਿਲਕੁਲ ਨਹੀਂ।"

ਸੋਨੀਆ ਦੇ ਅਨੁਸਾਰ, ਰਾਹੁਲ ਅਤੇ ਪ੍ਰਿਯੰਕਾ ਦੋਵੇਂ ਨਹੀਂ ਚਾਹੁੰਦੇ ਸਨ ਕਿ ਉਹ ਪ੍ਰਧਾਨ ਮੰਤਰੀ ਬਣਨ। ਇਹ ਉਨ੍ਹਾਂ ਦੇ ਪਰਿਵਾਰ ਦੇ ਅਤੀਤ ਕਾਰਨ ਸੀ। ਦੋਵਾਂ ਨੇ ਆਪਣੀ ਦਾਦੀ ਇੰਦਰਾ ਗਾਂਧੀ ਅਤੇ ਆਪਣੇ ਪਿਤਾ ਰਾਜੀਵ ਗਾਂਧੀ ਦੀ ਹੱਤਿਆ ਦਾ ਦਰਦ ਦੇਖਿਆ ਸੀ। ਉਨ੍ਹਾਂ ਦੇ ਮਨ ਵਿੱਚ, ਪ੍ਰਧਾਨ ਮੰਤਰੀ ਅਹੁਦੇ ਦਾ ਅਰਥ ਪਰਿਵਾਰ ਲਈ ਹੋਰ ਖ਼ਤਰਾ ਸੀ। ਸੋਨੀਆ ਗਾਂਧੀ ਨੇ ਲਿਖਿਆ ਕਿ ਜਦੋਂ ਉਨ੍ਹਾਂ ਨੇ ਆਪਣੇ ਬੱਚਿਆਂ ਨੂੰ ਦੱਸਿਆ ਕਿ ਉਹ ਪ੍ਰਧਾਨ ਮੰਤਰੀ ਨਹੀਂ ਬਣੇਗੀ, ਤਾਂ ਉਹ ਰਾਹਤ ਮਹਿਸੂਸ ਕਰਦੇ ਸਨ ਅਤੇ ਉਨ੍ਹਾਂ ਨੂੰ ਹਲਕਾਪਨ ਦਾ ਅਹਿਸਾਸ ਹੁੰਦਾ ਸੀ।

ਕਿਤਾਬ ਦੇ ਅੰਸ਼ ਵਿੱਚ, ਸੋਨੀਆ ਗਾਂਧੀ ਨੇ ਸਵੀਕਾਰ ਕੀਤਾ ਕਿ 2004 ਦੇ ਚੋਣ ਨਤੀਜਿਆਂ ਤੋਂ ਬਾਅਦ ਉਹ ਉਲਝਣ ਦੀ ਸਥਿਤੀ ਵਿੱਚ ਸਨ। ਇੱਕ ਪਾਸੇ, ਉਨ੍ਹਾਂਨੇ ਰਾਜੀਵ ਗਾਂਧੀ ਅਤੇ ਇੰਦਰਾ ਗਾਂਧੀ ਦੁਆਰਾ ਕੰਮ ਕੀਤੀ ਗਈ ਰਾਜਨੀਤਿਕ ਵਿਰਾਸਤ ਨੂੰ ਅੱਗੇ ਵਧਾਉਣ ਦੀ ਜ਼ਿੰਮੇਵਾਰੀ ਮਹਿਸੂਸ ਕੀਤੀ। ਦੂਜੇ ਪਾਸੇ, ਪ੍ਰਧਾਨ ਮੰਤਰੀ ਬਣਨ ਦਾ ਵਿਚਾਰ ਉਨ੍ਹਾਂ ਨੂੰ ਅੰਦਰੋ ਨਾਮਨਜ਼ੂਰ ਸੀ।

ਸੋਨੀਆ ਗਾਂਧੀ ਨੇ ਲਿਖਿਆ ਕਿ ਉਨ੍ਹਾਂਦੇ ਮਨ ਦੇ ਇੱਕ ਹਿੱਸੇ ਨੇ ਪ੍ਰਧਾਨ ਮੰਤਰੀ ਬਣਨ ਦੇ ਵਿਚਾਰ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ, ਜਦੋਂ ਕਿ ਦੂਜੇ ਹਿੱਸੇ ਨੇ ਪਾਰਟੀ ਵਰਕਰਾਂ ਅਤੇ ਕਾਂਗਰਸ ਨੂੰ ਵੋਟ ਪਾਉਣ ਵਾਲਿਆਂ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਮਹਿਸੂਸ ਕੀਤੀ। ਉਨ੍ਹਾਂਨੇ ਇਹ ਵੀ ਸੋਚਿਆ ਕਿ ਕੀ ਜੇ ਉਨ੍ਹਾਂਨੇ ਇਹ ਅਹੁਦਾ ਸਵੀਕਾਰ ਨਹੀਂ ਕੀਤਾ ਤਾਂ ਪਾਰਟੀ ਵਰਕਰਾਂ ਅਤੇ ਵੋਟਰਾਂ ਨੂੰ ਨਿਰਾਸ਼ ਹੋਵੇਗੀ। ਸੋਨੀਆ ਗਾਂਧੀ ਨੇ ਲਿਖਿਆ ਕਿ ਕਈ ਵਾਰ, ਉਹ ਆਪਣੇ ਫੈਸਲੇ ਬਾਰੇ ਪੂਰੀ ਤਰ੍ਹਾਂ ਸਪੱਸ਼ਟ ਹੋ ਜਾਂਦੀ ਸੀ, ਪਰ ਅਗਲੇ ਹੀ ਪਲ ਉਲਝਣ ਵਿੱਚ ਪੈ ਜਾਂਦੀ ਸੀ।

ਸੋਨੀਆ ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਅਹੁਦਾ ਕਦੇ ਵੀ ਉਨ੍ਹਾਂ ਦਾ ਟੀਚਾ ਨਹੀਂ ਸੀ ਅਤੇ ਉਹ ਆਪਣੇ ਸਿਧਾਂਤਾਂ ਪ੍ਰਤੀ ਵਫ਼ਾਦਾਰ ਰਹਿਣਗੇ। ਸੋਨੀਆ ਗਾਂਧੀ ਨੇ ਫਿਰ ਡਾ. ਮਨਮੋਹਨ ਸਿੰਘ ਨੂੰ ਆਪਣੇ ਉੱਤਰਾਧਿਕਾਰੀ ਵਜੋਂ ਪ੍ਰਸਤਾਵਿਤ ਕੀਤਾ। ਉਨ੍ਹਾਂ ਕਾਂਗਰਸ ਸੰਸਦੀ ਪਾਰਟੀ ਦੇ ਨੇਤਾ ਦੇ ਅਹੁਦੇ ਤੋਂ ਅਸਤੀਫ਼ਾ ਦੇਣ ਅਤੇ ਮਨਮੋਹਨ ਸਿੰਘ ਨੂੰ ਨੇਤਾ ਨਿਯੁਕਤ ਕਰਨ ਦਾ ਫੈਸਲਾ ਕੀਤਾ। ਇਸ ਤਰ੍ਹਾਂ, 2004 ਵਿੱਚ, ਮਨਮੋਹਨ ਸਿੰਘ ਨੇ ਯੂਪੀਏ ਸਰਕਾਰ ਦੀ ਅਗਵਾਈ ਸੰਭਾਲ ਲਈ।

ਪੰਜਾਬ • ਅੰਮ੍ਰਿਤਸਰ

ਅੰਮ੍ਰਿਤਸਰ 'ਚ ਵੱਡੀ ਕਾਰਵਾਈ, 5 ਕਿਲੋ 152 ਗ੍ਰਾਮ ਹੈਰੋਇਨ, ਡਰੋਨ ਅਤੇ 100 ਜ਼ਿੰਦਾ ਕਾਰਤੂਸ ਬਰਾਮਦ

ਅੰਮ੍ਰਿਤਸਰ ਦਿਹਾਤੀ ਇਲਾਕੇ ਵਿੱਚ ਦੋ ਵੱਖ-ਵੱਖ ਪੋਸਟਾਂ 'ਤੇ ਕੀਤੀ ਗਈ ਕਾਰਵਾਈ ਦੌਰਾਨ 5 ਕਿਲੋ 152 ਗ੍ਰਾਮ ਹੈਰੋਇਨ ਅਤੇ 100 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ।

ਅੰਮ੍ਰਿਤਸਰ ਦਿਹਾਤੀ ਇਲਾਕੇ ਵਿੱਚ ਦੋ ਵੱਖ-ਵੱਖ ਪੋਸਟਾਂ 'ਤੇ ਕੀਤੀ ਗਈ ਕਾਰਵਾਈ ਦੌਰਾਨ 5 ਕਿਲੋ 152 ਗ੍ਰਾਮ ਹੈਰੋਇਨ ਅਤੇ 100 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ। ਇਸ ਤੋਂ ਇਲਾਵਾ ਇੱਕ ਡਰੋਨ, ਮੋਬਾਈਲ ਫੋਨ ਅਤੇ ਸਿਮ ਕਾਰਡ ਵੀ ਮਿਲਿਆ ਹੈ। ਦੋਵਾਂ ਮਾਮਲਿਆਂ ਵਿੱਚ ਥਾਣਾ ਭਿੰਡੀ ਸੈਦਾਂ ਵਿਖੇ ਕੇਸ ਦਰਜ



ਅੰਮ੍ਰਿਤਸਰ 'ਚ ਵੱਡੀ ਕਾਰਵਾਈ, 5 ਕਿਲੋ 152 ਗ੍ਰਾਮ ਹੈਰੋਇਨ, ਡਰੋਨ ਅਤੇ 100 ਜ਼ਿੰਦਾ

ਅੰਮ੍ਰਿਤਸਰ 'ਚ ਵੱਡੀ ਕਾਰਵਾਈ, 5 ਕਿਲੋ 152 ਗ੍ਰਾਮ ਹੈਰੋਇਨ, ਡਰੋਨ ਅਤੇ 100 ਜ਼ਿੰਦਾ ਕਾਰਤੂਸ ਬਰਾਮਦ (ਜਾਰੀ)

ਕੀਤੇ ਗਏ ਹਨ। ਫਿਲਹਾਲ ਕਿਸੇ ਵੀ ਮਾਮਲੇ ਵਿੱਚ ਕਿਸੇ ਮੁਲਜ਼ਮ ਦਾ ਨਾਮ ਸਾਹਮਣੇ ਨਹੀਂ ਆਇਆ ਹੈ। ਪੁਲਿਸ ਮੁਤਾਬਕ, ਫਤਿਹਪੁਰ ਦੀ ਟੀਮ ਨੇ ਪਿੰਡ ਅਵਾਣ ਲੱਖਾ ਸਿੰਘ ਦੇ ਇਲਾਕੇ ਵਿੱਚ ਕਾਰਵਾਈ ਕਰਦਿਆਂ 5 ਕਿਲੋ 152 ਗ੍ਰਾਮ ਹੈਰੋਇਨ ਬਰਾਮਦ ਕੀਤੀ। ਤਲਾਸ਼ੀ ਦੌਰਾਨ ਇੱਕ ਮੋਬਾਈਲ ਫੋਨ ਅਤੇ ਸਿਮ ਕਾਰਡ ਵੀ ਮਿਲਿਆ। ਇਸ ਸਬੰਧੀ ਥਾਣਾ ਭਿੰਡੀ ਸੈਦਾਂ ਵਿੱਚ ਮੁਕੱਦਮਾ ਨੰਬਰ 181 ਦਰਜ ਕੀਤਾ ਗਿਆ ਹੈ। ਪੁਲਿਸ ਨੇ ਐਕਟ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਸ਼ੇਰਪੁਰ ਪੋਸਟ 'ਤੇ ਡਰੋਨ ਅਤੇ 100 ਕਾਰਤੂਸ ਬਰਾਮਦ

ਉੱਥੇ, ਦੂਜੇ ਮਾਮਲੇ ਵਿੱਚ ਸ਼ੇਰਪੁਰ ਦੀ ਟੀਮ ਨੇ ਆਪਣੇ ਇਲਾਕੇ ਵਿੱਚ ਤਲਾਸ਼ੀ ਮੁਹਿੰਮ ਚਲਾਈ। ਇਸ ਦੌਰਾਨ ਇੱਕ ਡਰੋਨ, ਇੱਕ ਐਲੂਮੀਨੀਅਮ ਸਟ੍ਰਿਪ ਅਤੇ 9 ਐਮਐਮ ਦੇ 100 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਇਸ ਸਬੰਧੀ ਥਾਣਾ ਭਿੰਡੀ ਸੈਦਾਂ ਵਿੱਚ ਮੁਕੱਦਮਾ ਨੰਬਰ 182 ਦਰਜ ਕੀਤਾ ਗਿਆ ਹੈ। ਪੁਲਿਸ ਨੇ ਆਰਮਜ਼ ਐਕਟ ਅਤੇ ਹੋਰ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।

ਬਰਾਮਦਗੀ ਪਿੱਛੇ ਸ਼ਾਮਲ ਲੋਕਾਂ ਦੀ ਭਾਲ ਵਿੱਚ ਜੁਟੀ ਪੁਲਿਸ

ਪੁਲਿਸ ਹੁਣ ਬਰਾਮਦ ਕੀਤੇ ਮੋਬਾਈਲ ਫੋਨ, ਸਿਮ ਕਾਰਡ ਅਤੇ ਹੋਰ ਸਾਮਾਨ ਦੇ ਆਧਾਰ 'ਤੇ ਜਾਂਚ ਕਰ ਰਹੀ ਹੈ। ਇਸ ਦੇ ਨਾਲ ਹੀ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਹੈਰੋਇਨ, ਡਰੋਨ ਅਤੇ ਕਾਰਤੂਸ ਇੱਥੇ ਕੌਣ ਲੈ ਕੇ ਆਇਆ ਸੀ ਅਤੇ ਇਸ ਪਿੱਛੇ ਕਿਹੜੇ ਲੋਕ ਸ਼ਾਮਲ ਹਨ।

ਪੰਜਾਬ • ਲੁਧਿਆਣਾ

ਲੁਧਿਆਣਾ 'ਚ ਤਿੰਨ ਮੰਜ਼ਿਲਾ ਹੌਜ਼ਰੀ ਫੈਕਟਰੀ ਨੂੰ ਲੱਗੀ ਭਿਆਨਕ ਅੱਗ, ਫਾਇਰ ਬ੍ਰਿਗੇਡ ਦੀਆਂ 22 ਗੱਡੀਆਂ ਮੌਕੇ 'ਤੇ ਪਹੁੰਚੀਆਂ

ਲੁਧਿਆਣਾ ਵਿੱਚ ਦੀਵਾਲੀ ਦੀ ਰਾਤ ਪਟਾਕਿਆਂ ਦੀ ਚਿੰਗਾਰੀ ਕਾਰਨ ਤਿੰਨ ਮੰਜ਼ਿਲਾ ਹੌਜ਼ਰੀ ਫੈਕਟਰੀ ਵਿੱਚ ਭਿਆਨਕ ਅੱਗ ਲੱਗ ਗਈ। ਅੱਗ ਨੇ ਦੇਖਦੇ ਹੀ ਦੇਖਦੇ ਪੂਰੀ ਇਮਾਰਤ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਸੂਚਨਾ ਮਿਲਣ 'ਤੇ ਫਾਇਰ ਬ੍ਰਿਗੇਡ ਦੀਆਂ 20 ਤੋਂ 22 ਗੱਡੀਆਂ ਮੌਕੇ 'ਤੇ ਪਹੁੰਚੀਆਂ ਅਤੇ ਕਰੀਬ 3 ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ।

